ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

**Awaze Qaum**

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਸ਼ਨਿੱਚਰਵਾਰ, 1 ਨਵੰਬਰ 2025 (ਨਾਨਕਸ਼ਾਹੀ ਸੰਮਤ : ੫੫੭, ੧੫ ਕੱਤਕ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111, +447976210161, +919729091243




## ਕੇਜਰੀਵਾਲ ਨੂੰ ਚੰਡੀਗੜ੍ਹ ਵਿੱਚ ਦਿੱਲੀ ਨਾਲੋਂ ਵੀ ਸ਼ਾਨਦਾਰ ਬੰਗਲਾ ਮਿਲਿਆ

ਚੰਢੀਗੜ੍ਹ , 1 ਨਵੰਬਰ (ਆਵਾਜ਼ਿ ਕੌਮ ਬਿਊਰੋ)– ਦਿੱਲੀ ਤੋਂ ਆਮ ਆਦਮੀ ਪਾਰਟੀ ਦੀ ਰਾਜ ਸਭਾ ਮੈਂਬਰ ਸਵਾਤੀ ਮਾਲੀਵਾਲ ਨੇ ਸੋਸ਼ਲ ਮੀਡੀਆ ’ਤੇ ਅਰਵਿੰਦ ਕੇਜਰੀਵਾਲ ਬਾਰੇ ਪੋਸਟ ਕਰਕੇ ਹਲਚਲ ਮਚਾ ਦਿੱਤੀ ਹੈ। ਆਪਣੇ ਐਕਸ ਹੈਂਡਲ ’ਤੇ ਸੈਟੇਲਾਈਟ ਤਸਵੀਰਾਂ ਸਾਂਝੀਆਂ ਕਰਦੇ ਹੋਏ ਸਵਾਤੀ ਮਾਲੀਵਾਲ ਨੇ ਲਿਖਿਆ ਕਿ ਦਿੱਲੀ ਦੇ ਸ਼ੀਸ਼ ਮਹਿਲ ਨੂੰ ਖਾਲੀ ਕਰਨ ਤੋਂ ਬਾਅਦ, ਅਰਵਿੰਦ ਕੇਜਰੀਵਾਲ ਨੇ ਪੰਜਾਬ ਵਿੱਚ ਦਿੱਲੀ ਨਾਲੋਂ ਵੀ ਸ਼ਾਨਦਾਰ ਸ਼ੀਸ਼ ਮਹਿਲ ਬਣਾਇਆ ਹੈ। ਉਨ੍ਹਾਂ ਅੱਗੇ ਲਿਖਿਆ ਕਿ ਅਰਵਿੰਦ ਕੇਜਰੀਵਾਲ ਨੂੰ ਮੁੱਖ ਮੰਤਰੀ ਕੋਟੇ ਵਿੱਚੋਂ ਸੈਕਟਰ 2, ਚੰਡੀਗੜ੍ਹ ਵਿੱਚ 2 ਏਕੜ ਵਿੱਚ ਇੱਕ ਆਲੀਸ਼ਾਨ 7–ਸਿਤਾਰਾ ਸਰਕਾਰੀ ਬੰਗਲਾ ਦਿੱਤਾ ਗਿਆ ਹੈ। ਕੱਲ੍ਹ, ਉਹ ਅੰਬਾਲਾ ਲਈ ਆਪਣੇ ਘਰ ਤੋਂ ਇੱਕ ਸਰਕਾਰੀ ਹੈਲੀਕਾਪਟਰ ਵਿੱਚ ਸਵਾਰ ਹੋਏ ਤੇ ਫਿਰ ਅੰਬਾਲਾ ਤੋਂ ਪੰਜਾਬ ਸਰਕਾਰ ਦਾ ਇੱਕ ਨਿੱਜੀ ਜੈੱਟ ਉਨ੍ਹਾਂ ਨੂੰ ਪਾਰਟੀ ਦੇ ਕੰਮ ਲਈ ਗੁਜਰਾਤ ਲੈ ਗਿਆ। ਪੂਰੀ ਪੰਜਾਬ ਸਰਕਾਰ ਇੱਕ ਆਦਮੀ ਦੀ ਸੇਵਾ ਕਰਨ ਵਿੱਚ ਰੁੱਝੀ ਹੋਈ ਹੈ। ਸਵਾਤੀ ਮਾਲੀਵਾਲ ਨੇ ਸ਼ੁੱਕਰਵਾਰ (31 ਅਕਤੂਬਰ) ਨੂੰ ਸਵੇਰੇ 11 ਵਜੇ ਇਹ ਪੋਸਟ ਪੋਸਟ ਕੀਤੀ। ਇਸ ਤੋਂ ਬਾਅਦ, ਭਾਜਪਾ ਨੇ ਵੀ ਕੇਜਰੀਵਾਲ ’ਤੇ ਹਮਲਾ ਬੋਲਿਆ। ਹਾਲਾਂਕਿ, ‘ਆਪ’ ਨੇਤਾਵਾਂ ਨੇ ਇਸਨੂੰ ਬੇਤੁਕਾ ਕਿਹਾ, ਇਹ ਕਹਿੰਦੇ ਹੋਏ ਕਿ ਅਰਵਿੰਦ ਕੇਜਰੀਵਾਲ ਦਾ ਇੱਥੇ ਕੋਈ ਨਿਵਾਸ ਨਹੀਂ ਹੈ। ਇਸ ਮੌਕੇ ਮੀਡੀਆ ਨੇ ਜਦੋਂ ਲੋਕ ਸਭਾ ਮੈਂਬਰ ਮਾਲਵਿੰਦਰ ਸਿੰਘ ਕੰਗ ਨਾਲ ਗੱਲ ਕੀਤੀ।

## ਪਰਾਲੀ ਸਾੜਨ ਵਾਲੇ ਕਿਸਾਨਾਂ ’ਤੇ ਵੱਡਾ ਐਕਸ਼ਨ

# 432 ਰੈੱਡ ਐਂਟਰੀਆਂ ਤੇ 376 ਐਫਆਈਆਰ

ਚੰਡੀਗੜ੍ਹ, 1 ਨਵੰਬਰ (ਆਵਾਜ਼ਿ ਕੌਮ ਬਿਊਰੋ)– ਪੰਜਾਬ ਵਿੱਚ ਪਰਾਲੀ ਸਾੜਨ ਦਾ ਮੁੱਦਾ ਗਰਮਾ ਗਿਆ ਹੈ। ਪੰਜਾਬ ਭਰ ਵਿੱਚ ਪਰਾਲੀ ਸਾੜਨ ਦੀਆਂ ਘਟਨਾਵਾਂ ਵਿੱਚ ਕੋਈ ਕਮੀ ਨਹੀਂ ਆ ਰਹੀ। ਸੂਬੇ ਵਿੱਚ ਇਸ ਸੀਜ਼ਨ ਵਿੱਚ ਖੇਤਾਂ ਵਿੱਚ ਅੱਗ ਲੱਗਣ ਦੀਆਂ 283 ਘਟਨਾਵਾਂ ਦਾ ਸਿਖਰ ਦਰਜ ਕਰਨ ਤੋਂ ਇੱਕ ਦਿਨ ਬਾਅਦ



ਵੀਰਵਾਰ ਨੂੰ 202 ਹੋਰ ਤਾਜ਼ਾ ਮਾਮਲੇ ਸਾਹਮਣੇ ਆਏ, ਜਿਸ ਨਾਲ 15 ਸਤੰਬਰ ਤੋਂ ਬਾਅਦ ਕੁੱਲ ਗਿਣਤੀ 1,418 ਹੋ ਗਈ ਹੈ। ਇੱਕ ਪਾਸੇ ਸਰਕਾਰੀ ਅਧਿਕਾਰੀ ਐਕਸ਼ਨ ਮੋਡ ਵਿੱਚ ਹਨ ਤੇ ਦੂਜੇ ਪਾਸੇ ਕਿਸਾਨ ਜਥੇਬੰਦੀਆਂ ਵੀ ਅੜ ਗਈਆਂ ਹਨ। ਉਧਰ, ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਨੇ ਉਲੰਘਣਾ ਕਰਨ ਵਾਲਿਆਂ ਖਿਲਾਫ਼ ਕਾਰਵਾਈ ਕਰਦੇ ਹੋਏ 25 ਅਕਤੂਬਰ ਤੋਂ ਹੁਣ ਤੱਕ 135 ਐਫਆਈਆਰ ਦਰਜ ਕੀਤੀਆਂ ਹਨ ਤੇ 156 ਰੈੱਡ ਐਂਟਰੀਆਂ ਕੀਤੀਆਂ ਹਨ। ਇਸ ਸੀਜ਼ਨ ਵਿੱਚ ਕੁੱਲ 376 ਐਫਆਈਆਰ ਅਤੇ 432 ਰੈੱਡ ਐਂਟਰੀਆਂ ਦਰਜ ਕੀਤੀਆਂ ਗਈਆਂ ਹਨ। ਅਧਿਕਾਰੀਆਂ ਨੇ 24 ਲੱਖ ਰੁਪਏ ਤੋਂ ਵੱਧ ਦਾ ਵਾਤਾਵਰਣ ਮੁਆਵਜ਼ਾ ਵੀ ਲਗਾਇਆ ਹੈ, ਜਿਸ ਵਿੱਚੋਂ ਹੁਣ ਤੱਕ 15 ਲੱਖ ਰੁਪਏ ਤੋਂ ਵੱਧ ਦੀ ਵਸੂਲੀ ਕੀਤੀ ਜਾ ਚੁੱਕੀ ਹੈ। ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ (ਪੀਪੀਸੀਬੀ) ਦੇ ਅਧਿਕਾਰੀਆਂ ਨੇ ਕਿਹਾ ਕਿ ਦੀਵਾਲੀ ਤੋਂ ਬਾਅਦ ਖੇਤਾਂ ਵਿੱਚ ਅੱਗ ਲੱਗਣ ਦੀਆਂ ਘਟਨਾਵਾਂ ਵਿੱਚ ਤੇਜ਼ੀ ਨਾਲ ਵਾਧਾ ਹੋਇਆ ਹੈ। ਪਿਛਲੇ 12 ਦਿਨਾਂ ਵਿੱਚ (18 ਤੋਂ 30 ਅਕਤੂਬਰ ਦਰਮਿਆਨ) 1,210 ਮਾਮਲੇ (85 ਫੀਸਦ) ਰਿਪੋਰਟ ਕੀਤੇ ਗਏ ਹਨ। ਮੁੱਖ ਮੰਤਰੀ ਭਗਵੰਤ ਮਾਨ ਦਾ ਗ੍ਰਹਿ ਜ਼ਿਲ੍ਹਾ ਸੰਗਰੂਰ 48 ਨਵੇਂ ਮਾਮਲਿਆਂ ਨਾਲ ਸੂਚੀ ਵਿੱਚ ਸਿਖਰ ’ਤੇ ਹੈ। ਇਸ ਤੋਂ ਬਾਅਦ ਜ਼ਿਮਨੀ ਚੋਣਾਂ ਵਾਲੇ ਤਰਨ ਤਾਰਨ (34), ਫਿਰੋਜ਼ਪੁਰ (32), ਬਠਿੰਡਾ (16), ਤੇ ਅੰਮ੍ਰਿਤਸਰ ਤੇ ਮੁਕਤਸਰ (13–13) ਹਨ। ਹੁਣ ਤੱਕ ਸੂਬੇ ਵਿੱਚ ਖੇਤਾਂ ’ਚ ਪਰਾਲੀ ਸਾੜਨ ਦੇ ਬਹੁਤੇ ਮਾਮਲੇ ਤਰਨ ਤਾਰਨ (330), ਸੰਗਰੂਰ (218), ਅੰਮ੍ਰਿਤਸਰ (186), ਤੇ ਫਿਰੋਜ਼ਪੁਰ (155) ਵਿਚ ਸਾਹਮਣੇ ਆਏ ਹਨ। ਪ੍ਰਦੂਸ਼ਣ ਕੰਟਰੋਲ ਏਜੰਸੀਆਂ 15 ਸਤੰਬਰ ਤੋਂ 30 ਨਵੰਬਰ ਤੱਕ ਪਰਾਲੀ ਸਾੜਨ ਦੀ ਨਿਗਰਾਨੀ ਕਰਦੀਆਂ ਹਨ, ਜਦੋਂ ਖੇਤੀਬਾੜੀ ਪੱਟੀ ਵਿੱਚ ਝੋਨੇ ਦੀ ਕਟਾਈ ਤੇ ਰਹਿੰਦ–ਖੂੰਹਦ ਸਾੜਨ ਦਾ ਸਿਖ਼ਰ ਹੁੰਦਾ ਹੈ। ਵਾਰ–ਵਾਰ ਸਰਕਾਰੀ ਅਪੀਲਾਂ ਦੇ ਬਾਵਜੂਦ, ਕਿਸਾਨ ਉੱਚ ਲਾਗਤਾਂ ਤੇ ਫਸਲਾਂ ਦੀ ਰਹਿੰਦ–ਖੂੰਹਦ ਦੇ ਪ੍ਰਬੰਧਨ ਵਿੱਚ ਲੌਜਿਸਟਿਕ ਰੁਕਾਵਟਾਂ ਦਾ ਹਵਾਲਾ ਦਿੰਦੇ ਹੋਏ ਪਾਬੰਦੀ ਦੀ ਉਲੰਘਣਾ ਕਰਦੇ ਹਨ।

## ਮੁੱਖ ਮੰਤਰੀ ਫਲਾਇੰਗ ਸਕੁਐਡ ਦੀ ਲਿੰਕ ਸੜਕਾਂ ਦੇ ਨਵੀਨੀਕਰਨ ਉੱਤੇ ਤਿੱਖੀ ਨਜ਼ਰ: ਗੁਰਮੀਤ ਸਿੰਘ ਖੁੱਡੀਆਂ

ਚੰਡੀਗੜ੍ਹ, 1 ਨਵੰਬਰ (ਆਵਾਜ਼ਿ ਕੌਮ ਬਿਊਰੋ)– ਪੰਜਾਬ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਨੇ ਅੱਜ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਗਠਿਤ ਕੀਤੀ ਸੀ.ਐਮ. ਫਲਾਇੰਗ ਸਕੁਐਡ ਵੱਲੋਂ ਸੂਬੇ ਭਰ ਵਿੱਚ ਪੰਜਾਬ ਮੰਡੀ ਬੋਰਡ ਅਤੇ ਪੀ.ਡਬਲਿਊ.ਡੀ. ਵੱਲੋਂ ਦਿਹਾਤੀ ਲਿੰਕ ਸੜਕਾਂ ਦੇ ਕਰਵਾਏ ਜਾ ਰਹੇ ਨਵੀਨੀਕਰਨ ਕਾਰਜਾਂ ਦੀ ਗੁਣਵੱਤਾ ਨੂੰ ਯਕੀਨੀ ਬਣਾਉਣ ਲਈ ਤਿੱਖੀ ਨਜ਼ਰ ਰੱਖੀ ਜਾ ਰਹੀ ਹੈ। ਇਹ ਨਿਗਰਾਨੀ ਸੂਬਾ ਸਰਕਾਰ ਵੱਲੋਂ 4150 ਕਰੋੜ ਰੁਪਏ ਦੀ ਲਾਗਤ ਨਾਲ 19,491 ਕਿਲੋਮੀਟਰ ਲਿੰਕ ਸੜਕਾਂ ਦੇ ਨਿਰਮਾਣ ਅਤੇ ਮੁਰੰਮਤ ਸਬੰਧੀ ਸ਼ੁਰੂ ਕੀਤੇ ਵਿਆਪਕ ਪ੍ਰੋਜੈਕਟ ਦਾ ਹਿੱਸਾ ਹੈ। ਖੇਤੀਬਾੜੀ ਮੰਤਰੀ ਨੇ ਕਿਹਾ ਕਿ ਸੜਕਾਂ ਦੇ ਨਵੀਨੀਕਰਨ ਲਈ ਬਿਹਤਰੀਨ ਗੁਣਵੱਤਾ ਵਾਲੀ ਸਮੱਗਰੀ ਵਰਤੀ ਜਾ ਰਹੀ ਹੈ, ਪਰ ਉਨ੍ਹਾਂ ਨੇ ਨਾਲ ਹੀ ਸਖ਼ਤ ਚਿਤਾਵਨੀ ਦਿੱਤੀ ਕਿ ਜੇਕਰ ਕੋਈ ਠੇਕੇਦਾਰ ਸਮੱਗਰੀ ਦੀ ਗੁਣਵੱਤਾ ਨਾਲ ਸਮਝੌਤਾ ਕਰਦਾ ਪਾਇਆ ਗਿਆ ਤਾਂ ਉਸ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਸੀ.ਐਮ. ਫਲਾਇੰਗ ਸਕੁਐਡ ਟੀਮਾਂ ਫ਼ੀਲਡ ਵਿੱਚ ਪੂਰੀ ਤਰ੍ਹਾਂ ਸਰਗਰਮ ਹਨ ਅਤੇ ਹੁਣ ਤੱਕ ਸੱਤ ਜ਼ਿਲ੍ਹਿਆਂ ਵਿੱਚ ਕਾਰਜਾਂ ਦਾ ਨਿਰੀਖਣ ਕਰ ਚੁੱਕੀਆਂ ਹਨ। ਉਨ੍ਹਾਂ ਦੱਸਿਆ ਕਿ ਇਹਨਾਂ ਜ਼ਿਲ੍ਹਿਆਂ ਵਿੱਚ ਫਰੀਦਕੋਟ, ਐਸ.ਬੀ.ਐਸ. ਨਗਰ, ਤਰਨ ਤਾਰਨ, ਸ੍ਰੀ ਮੁਕਤਸਰ ਸਾਹਿਬ, ਜਲੰਧਰ, ਪਟਿਆਲਾ ਅਤੇ ਗੁਰਦਾਸਪੁਰ ਸ਼ਾਮਲ ਹਨ। ਸ. ਖੁੱਡੀਆਂ ਨੇ ਦੱਸਿਆ ਕਿ ਪੰਜਾਬ ਵਿੱਚ ਕੁੱਲ 30,237 ਲਿੰਕ ਸੜਕਾਂ ਹਨ ਜਿਨ੍ਹਾਂ ਦੀ ਕੁੱਲ ਲੰਬਾਈ 64,878 ਕਿਲੋਮੀਟਰ ਹੈ। ਉਨ੍ਹਾਂ ਦੱਸਿਆ ਕਿ ਇਹਨਾਂ ਵਿੱਚੋਂ 33492 ਕਿਲੋਮੀਟਰ ਸੜਕਾਂ ਪੰਜਾਬ ਮੰਡੀ ਬੋਰਡ ਅਧੀਨ ਹਨ ਅਤੇ 31,386 ਕਿਲੋਮੀਟਰ ਸੜਕਾਂ ਲੋਕ ਨਿਰਮਾਣ ਵਿਭਾਗ (ਪੀ.ਡਬਲਯੂ.ਡੀ.) ਅਧੀਨ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਹੁਣ 19,491.56 ਕਿਲੋਮੀਟਰ ਦੀ ਕੁੱਲ ਲੰਬਾਈ ਵਾਲੀਆਂ 7,373 ਲਿੰਕ ਸੜਕਾਂ ਦੀ ਮੁਰੰਮਤ ਅਤੇ ਅਪਗ੍ਰੇਡੇਸ਼ਨ ਸਬੰਧੀ ਪ੍ਰੋਜੈਕਟ ਸ਼ੁਰੂ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਪ੍ਰੋਜੈਕਟ ’ਤੇ 4,150.42 ਕਰੋੜ ਰੁਪਏ ਦੀ ਲਾਗਤ ਆਵੇਗੀ, ਜਿਸ ਵਿੱਚ ਪੰਜ ਸਾਲਾਂ ਦੇ ਰੱਖ–ਰਖਾਅ ਦਾ ਖਰਚਾ ਵੀ ਸ਼ਾਮਲ ਹੈ। ਉਨ੍ਹਾਂ ਕਿਹਾ ਕਿ 3,424.67 ਕਰੋੜ ਰੁਪਏ ਮੁਰੰਮਤ ਅਤੇ ਅਪਗ੍ਰੇਡੇਸ਼ਨ ਲਈ ਖਰਚ ਕੀਤੇ ਜਾਣਗੇ ਜਦੋਂ ਕਿ 725.75 ਕਰੋੜ ਰੁਪਏ ਪੰਜ ਸਾਲਾਂ ਦੇ ਰੱਖ–ਰਖਾਅ ਲਈ ਖਰਚ ਕੀਤੇ ਜਾਣਗੇ।

## ਮੁਅੱਤਲ ਐਸਐਚਓ ਭੂਸ਼ਣ ਕੁਮਾਰ ਦੇ ਮਾਮਲੇ ਦੀ ਸਮੀਖਿਆ ਕਰਨ ਪਹੁੰਚੇ ਬਾਲ ਕਮਿਸ਼ਨ ਦੇ ਚੇਅਰਮੈਨ



ਜਲੰਧਰ ,1 ਨਵੰਬਰ (ਆਵਾਜ਼ਿ ਕੌਮ ਬਿਊਰੋ)– ਜਲੰਧਰ ਵਿੱਚ, ਬਾਲ ਕਮਿਸ਼ਨ ਦੇ ਚੇਅਰਮੈਨ ਕੰਵਰਦੀਪ ਸਿੰਘ ਨੇ ਅੱਜ ਫਿਲੌਰ ਦੇ ਸਾਬਕਾ ਐਸਐਚਓ ਭੂਸ਼ਣ ਕੁਮਾਰ ਦੇ ਮਾਮਲੇ ਸਬੰਧੀ ਐਸਐਸਪੀ ਹਰਵਿੰਦਰ ਵਿਰਕ ਨਾਲ ਮੁਲਾਕਾਤ ਕੀਤੀ। ਜਿਸ ਤੋਂ ਬਾਅਦ ਉਨ੍ਹਾਂ ਮੀਡੀਆ ਨੂੰ ਬੱਚੀ ਨਾਲ ਜਬਰਜਨਾਹ ਮਾਮਲੇ ’ਚ ਐਸਐਚਓ ਭੂਸ਼ਣ ਕੁਮਾਰ ਦੇ ਕੇਸ ਸਬੰਧੀ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਮਾਮਲੇ ਦੀ ਜਾਂਚ ਤੋਂ ਪਤਾ ਲੱਗਿਆ ਹੈ ਕਿ ਪੁਲਿਸ ਨੇ ਐਸਐਚਓ ਵਿਰੁੱਧ ਸਾਰੀਆਂ ਸਬੰਧਤ ਧਾਰਾਵਾਂ ਦਰਜ ਕਰ ਲਈਆਂ ਹਨ। ਉਨ੍ਹਾਂ ਅੱਗੇ ਕਿਹਾ ਕਿ ਮਾਮਲੇ ਵਿੱਚ ਦੇਰੀ ਸਬੰਧੀ ਹੁਣ ਐਸਐਸਪੀ ਨਾਲ ਗੱਲ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਪੁਲਿਸ ਨੂੰ ਪੋਕਸੋ ਐਕਟ ਮਾਮਲੇ ਵਿੱਚ ਜ਼ੁੰਮੇਵਾਰੀ ਲੈਣ ਲਈ ਕਿਹਾ ਗਿਆ ਹੈ। ਉਨ੍ਹਾਂ ਨੇ ਐਸਐਚਓ ਵੱਲੋਂ ਪੀੜਤ ਨਾਲ ਥਾਣੇ ਵਿੱਚ ਹੋਈ ਘਟਨਾ ਦੀ ਨਿੰਦਾ ਕੀਤੀ। ਮਾਮਲਾ ਉੱਚ ਅਧਿਕਾਰੀਆਂ ਦੇ ਧਿਆਨ ਵਿੱਚ ਲਿਆਂਦਾ ਗਿਆ ਹੈ। ਮਾਮਲੇ ਵਿੱਚ ਦੇਰੀ ਬਾਰੇ, ਬਾਲ ਕਮਿਸ਼ਨ ਦੇ ਚੇਅਰਮੈਨ ਨੇ ਕਿਹਾ ਕਿ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਅਜੇ ਇਹ ਨਹੀਂ ਦੱਸਿਆ ਕਿ ਕਿਸ ਅਧਿਕਾਰੀ ’ਤੇ ਕਾਰਵਾਈ ਹੋ ਸਕਦੀ ਹੈ। ਉਨ੍ਹਾਂ ਮੰਨਿਆ ਕਿ ਕੋਈ ਇਸ ਮਾਮਲੇ ਸਬੰਧੀ ਐਸਐਚਓ ਨੂੰ ਪਨਾਹ ਦੇ ਰਿਹਾ ਹੈ। ਇਸੇ ਕਰਕੇ ਪੁਲਿਸ ਇਸ ਗੰਭੀਰ ਮਾਮਲੇ ਵਿੱਚ ਕੇਸ ਵਿੱਚ ਦੇਰੀ ਕਰ ਰਹੀ ਹੈ। ਇਸ ਮਾਮਲੇ ਵਿੱਚ ਐਸਐਚਓ ਇਕੱਲੇ ਜ਼ੁੰਮੇਵਾਰ ਨਹੀਂ ਹੈ, ਸਗੋਂ ਮਾਮਲੇ ਦੀ ਨਿਗਰਾਨੀ ਕਰਨ ਵਾਲੇ ਸਾਰੇ ਉੱਚ ਅਧਿਕਾਰੀ ਹਨ। ਉਨ੍ਹਾਂ ਕਿਹਾ ਕਿ ਉਹ ਖੁਦ ਪੀੜਤ ਪਰਿਵਾਰ ਨਾਲ ਮਿਲੇ ਅਤੇ ਘਟਨਾ ਬਾਰੇ ਵਿਸਥਾਰਪੂਰਵਕ ਜਾਣਕਾਰੀ ਇਕੱਠੀ ਕੀਤੀ। ਚੇਅਰਮੈਨ ਨੇ ਕਿਹਾ ਕਿ ਪੁਲਿਸ ਪੀੜਤ ਦੀ ਰੱਖਿਆ ਕਰਨ ਵਿੱਚ ਅਸਫਲ ਰਹੀ, ਜਿਸ ਕਾਰਨ ਐਸਐਚਓ ਵਿਰੁੱਧ ਮਾਮਲਾ ਦਰਜ ਕੀਤਾ ਗਿਆ। ਚੇਅਰਮੈਨ ਨੇ ਕਿਹਾ ਕਿ ਐਸਐਚਓ ਵਿਰੁੱਧ ਐਫਆਈਆਰ ਦਰਜ ਕੀਤੀ ਗਈ ਹੈ, ਪਰ ਉਸਦੀ ਗ੍ਰਿਫਤਾਰੀ ਅਜੇ ਬਾਕੀ ਹੈ। ਉਨ੍ਹਾਂ ਕਿਹਾ ਕਿ ਐਸਐਚਓ ਨੂੰ ਜਲਦੀ ਹੀ ਗ੍ਰਿਫਤਾਰ ਕਰ ਲਿਆ ਜਾਵੇਗਾ, ਹਾਲਾਂਕਿ ਉਨ੍ਹਾਂ ਕੋਈ ਤਾਰੀਖ ਨਹੀਂ ਦੱਸੀ।

## ਲੁਧਿਆਣਾ ਦੇ ਜਗਰਾਉਂ ’ਚ ਕਬੱਡੀ ਖਿਡਾਰੀ ਦਾ ਗੋਲੀਆਂ ਮਾਰ ਕੇ ਕਤਲ



ਲੁਧਿਆਣਾ 1 ਨਵੰਬਰ (ਆਵਾਜ਼ਿ ਕੌਮ ਬਿਊਰੋ)– ਲੁਧਿਆਣਾ ਦੇ ਜਗਰਾਉਂ ਵਿੱਚ ਕਬੱਡੀ ਖਿਡਾਰੀ ਨੂੰ ਅਣਪਛਾਤੇ ਲੋਕਾਂ ਨੇ ਗੋਲੀਆਂ ਮਾਰ ਕੇ ਕਤਲ ਕਰ

ਆਵਾਜ਼ਿ ਕੌਮ
AWAZE QAUM
International Newspaper & WEB TV

ਦਿੱਤਾ ਹੈ। ਖਿਡਾਰੀ ਦੀ ਮੌਕੇ ਉੱਤੇ ਮੌਤ ਹੋ ਗਈ। ਜਗਰਾਉਂ ਐਸਐਸਪੀ ਦਫ਼ਤਰ ਤੋਂ ਕੁਝ ਦੂਰੀ ਉਤੇ ਹੀ ਇਹ ਵਾਰਦਾਤ ਨੂੰ ਅੰਜ਼ਾਮ ਦਿੱਤਾ ਗਿਆ। ਜਾਣਕਾਰੀ ਮਿਲੀ ਹੈ ਕਿ 26 ਸਾਲਾ ਤੇਜਪਾਲ ਸਿੰਘ, ਪੁੱਤਰ ਰਣਧੀਰ ਸਿੰਘ ਵਾਸੀ ਪਿੰਡ ਗਿੱਦੜਵਿੰਡੀ ਨੂੰ ਜਗਰਾਉਂ ਦੇ ਹਰੀ ਸਿੰਘ ਹਸਪਤਾਲ ਰੋਡ ਦੇ ਲਾਗੇ 6 –7 ਨੌਜਵਾਨਾਂ ਵੱਲੋਂ ਕੁੱਟਮਾਰ ਕਰਨ ਤੋਂ ਬਾਅਦ ਗੋਲੀ ਮਾਰ ਕੇ ਮੌਤ ਦੇ ਘਾਟ ਉਤਾਰ ਦਿੱਤਾ ਗਿਆ। ਮ੍ਰਿਤਕ ਦੇ ਨਾਲ ਉਸ ਸਮੇਂ ਉਸ ਦੇ ਦੋ ਸਾਥੀ ਵੀ ਸਨ, ਉਨ੍ਹਾਂ ਦੀ ਵੀ ਕੁੱਟਮਾਰ ਕੀਤੀ ਗਈ। ਸੂਚਨਾ ਮਿਲਦੇ ਸਾਰ ਹੀ ਪੁਲਿਸ ਮੌਕੇ ਉੱਤੇ ਪਹੁੰਚ ਗਈ। ਪੁਲਿਸ ਮਾਮਲੇ ਦੀ ਜਾਂਚ ਕਰ ਰਹੀ ਹੈ।

## ਪਟਿਆਲਾ ’ਚ ਸਾਬਕਾ ਅਕਾਲੀ ਕੌਂਸਲਰ ਬੱਬੀ ਮਾਨ ਦੇ ਗੋਲੀ ਲੱਗਣ ਕਾਰਨ ਮੌਤ

### ਪਟਿਆਲਾ ਦੇ ਰਾਘੋ ਮਾਜਰਾ ਇਲਾਕੇ ਦੀ ਘਟਨਾ

ਪਟਿਆਲਾ 1 ਨਵੰਬਰ (ਆਵਾਜ਼ਿ ਕੌਮ ਬਿਊਰੋ)– ਸਾਬਕਾ ਅਕਾਲੀ ਕੌਂਸਲਰ ਬੱਬੀ ਮਾਨ ਦੀ ਆਪਣੀ ਹੀ ਰਿਵਾਲਵਰ ਨਾਲ ਗੋਲ਼ੀ ਲੱਗਣ ਕਰ ਕੇ ਮੌਤ ਹੋ ਗਈ ਹੈ। ਘਟਨਾ ਸ਼ੁਕਰਵਾਰ ਦੁਪਹਿਰੇ ਉਸ ਸਮੇਂ ਵਾਪਰੀ ਜਦੋਂ ਬੱਬੀ ਮਾਨ ਆਪਣੇ ਦਫਤਰ ’ਚ ਬੈਠੇ ਸਨ। ਗੋਲ਼ੀ ਚੱਲਣ ਦੀ ਆਵਾਜ਼ ਸੁਣ ਕੇ ਆਸ–ਪਾਸ ਦੇ ਲੋਕ ਤੇ ਪਰਿਵਾਰਕ ਮੈਂਬਰ ਮੌਕੇ ’ਤੇ ਪੁੱਜੇ ਅਤੇ ਪੁਲਿਸ ਨੂੰ ਸੂਚਨਾ ਦਿੱਤੀ।



## ਹਰਿਆਣਾ ਦੇ ਸਾਬਕਾ ਮੁੱਖ ਮੰਤਰੀ ਭਜਨ ਲਾਲ ਦੀ ਧੀ ਤੇ ਜਵਾਈ ਖ਼ਿਲਾਫ਼ ਗ੍ਰਿਫ਼ਤਾਰੀ ਵਾਰੰਟ ਜਾਰੀ

### 2 ਮ੍ਰਿਤਕਾਂ ਦੇ ਪਲਾਟ ਵੇਚ ਕੇ 4 ਕਰੋੜ ਰੁਪਏ ਦਾ ਕੀਤਾ ਘਪਲਾ

ਹਰਿਆਣਾ, 1 ਨਵੰਬਰ (ਆਵਾਜ਼ਿ ਕੌਮ ਬਿਊਰੋ)– ਹਰਿਆਣਾ ਦੇ ਗੁਰੂਗ੍ਰਾਮ ਦੀ ਇੱਕ ਅਦਾਲਤ ਨੇ ਸੀਨੀਅਰ ਭਾਜਪਾ ਨੇਤਾ ਕੁਲਦੀਪ ਬਿਸ਼ਨੋਈ ਦੀ ਭੈਣ ਰੋਸ਼ਨੀ, ਜੀਜਾ ਅਨੂਪ ਅਤੇ ਭਾਣਜੀ ਸੁਰਭੀ ਲਈ ਗ੍ਰਿਫ਼ਤਾਰੀ ਵਾਰੰਟ ਜਾਰੀ ਕੀਤੇ ਹਨ। ਇਹ ਮਾਮਲਾ ਦੋ ਮ੍ਰਿਤਕ ਵਿਅਕਤੀਆਂ ਦੇ ਪਲਾਟ ਦੀ ਵਿਕਰੀ ਨਾਲ ਸਬੰਧਤ 4 ਕਰੋੜ (ਲਗਭਗ £40 ਮਿਲੀਅਨ) ਦੀ ਧੋਖਾਧੜੀ ਨਾਲ ਸਬੰਧਤ ਹੈ। ਅਦਾਲਤ ਨੇ ਪੁਲਿਸ ਕਮਿਸ਼ਨਰ ਨੂੰ ਦੋਵਾਂ ਮੁਲਜ਼ਮਾਂ ਨੂੰ ਅਦਾਲਤ ਵਿੱਚ ਪੇਸ਼ ਕਰਨ ਦੇ ਸਖ਼ਤ ਆਦੇਸ਼ ਜਾਰੀ ਕੀਤੇ ਹਨ। ਇਸ ਮਾਮਲੇ ਵਿੱਚ, ਇੱਕ ਪਲਾਟ ਮਾਲਕ ਦੇ ਪੁੱਤਰ ਧਰਮਵੀਰ ਨੇ ਸ਼ੁਰੂ ਵਿੱਚ ਪੁਲਿਸ ਸਟੇਸ਼ਨ ਵਿੱਚ ਸ਼ਕਿਾਇਤ ਦਰਜ ਕਰਵਾਈ ਸੀ, ਪਰ ਜਦੋਂ ਕੋਈ ਕਾਰਵਾਈ ਨਹੀਂ ਹੋਈ, ਤਾਂ ਉਸਨੇ ਅਦਾਲਤ ਦਾ ਦਰਵਾਜ਼ਾ ਖੜਕਾਇਆ। ਅਦਾਲਤ ਦੇ ਹੁਕਮਾਂ ’ਤੇ ਹੀ ਪੁਲਿਸ ਨੇ ਐਫਆਈਆਰ ਦਰਜ ਕੀਤੀ। ਸ਼ਿਕਾਇਤਕਰਤਾ ਧਰਮਵੀਰ ਦੇ ਵਕੀਲ ਪ੍ਰਵੀਨ ਦਹੀਆ ਨੇ ਦੱਸਿਆ ਕਿ ਸੁਨੀਲ ਦਾ ਪੁੱਤਰ ਧਰਮਵੀਰ ਕੁਲਦੀਪ ਬਿਸ਼ਨੋਈ ਦੇ ਸਾਲੇ ਅਨੂਪ ਬਿਸ਼ਨੋਈ ਦਾ ਚਚੇਰਾ ਭਰਾ ਹੈ। ਧਰਮਵੀਰ ਪੰਜਾਬ ਦੇ ਫਾਜ਼ਲਿਕਾ ਜ਼ਲ੍ਹਿੇ ਦੇ ਸੀਤੋ ਗੁੰਨੋ ਪਿੰਡ ਦਾ ਰਹਿਣ ਵਾਲਾ ਹੈ। ਧਰਮਵੀਰ ਦੇ ਪਿਤਾ ਸੁਨੀਲ ਕੋਲ ਗੁਰੂਗ੍ਰਾਮ ਦੇ ਪਾਲਮ ਵਿਹਾਰ ਵਿੱਚ ਇੱਕ ਪਲਾਟ ਸੀ। ਐਡਵੋਕੇਟ ਪ੍ਰਵੀਨ ਦਹੀਆ ਨੇ ਅੱਗੇ ਦੱਸਿਆ ਕਿ ਇਹ ਪਲਾਟ 2016–2017 ਵਿੱਚ ਧੋਖਾਧੜੀ ਨਾਲ ਵੇਚੇ ਗਏ ਸਨ। ਇੱਕ ਪਲਾਟ ਦੀ ਕੀਮਤ ?24.2 ਮਿਲੀਅਨ ਅਤੇ ਦੂਜੇ ਦੀ ਕੀਮਤ 15.9 ਮਿਲੀਅਨ ਸੀ। ਵਿਕਾਸ ਦੇ ਪਿਤਾ, ਜੋ ਉਸ ਸਮੇਂ ਹਰਿਆਣਾ ਵਿੱਚ ਜ਼ਲ੍ਹਿਾ ਮਾਲ ਅਧਿਕਾਰੀ ਸਨ, ਨੇ ਸੌਦੇ ਵਿੱਚ ਦਲਾਲੀ ਕੀਤੀ। ਪਲਾਟ ਜਾਅਲੀ ਦਸਤਾਵੇਜ਼ਾਂ ਦੀ ਵਰਤੋਂ ਕਰਕੇ ਵੇਚੇ ਗਏ ਸਨ। ਇਹ ਰਕਮ ਰੋਸ਼ਨੀ ਬਿਸ਼ਨੋਈ ਦੇ ਬੈਂਕ ਖਾਤੇ ਵਿੱਚ ਜਮ੍ਹਾਂ ਕਰਵਾਈ ਗਈ ਸੀ। ਪੁਲਿਸ ਨੇ ਜਾਂਚ ਕੀਤੀ ਅਤੇ ਵਿਕਾਸ ਨੂੰ ਗ੍ਰਿਫ਼ਤਾਰ ਕਰ ਲਿਆ। ਇੱਕ ਰਾਜਨੀਤਿਕ ਪਰਿਵਾਰ ਵਿੱਚ ਸ਼ਾਮਲ ਹੋਣ ਕਾਰਨ ਕੋਈ ਕਾਰਵਾਈ ਨਹੀਂ ਕੀਤੀ ਗਈ ਐਡਵੋਕੇਟ ਦਹੀਆ ਨੇ ਦੱਸਿਆ ਕਿ ਜਾਅਲੀ ਦਸਤਾਵੇਜ਼ਾਂ ਦੀ ਵਰਤੋਂ ਕਰਕੇ ਸੌਦਾ ਕਰਨ ਤੋਂ ਬਾਅਦ, ਗਰੀਬ ਲੋਕਾਂ ਦੇ ਨਾਮ ਵਰਤੇ ਗਏ ਅਤੇ ਉਨ੍ਹਾਂ ਨੂੰ ਗ੍ਰਿਫਤਾਰ ਕੀਤਾ ਗਿਆ, ਜਦੋਂ ਕਿ ਅਸਲ ਦੋਸ਼ੀ ਅਜੇ ਵੀ ਖੁੱਲ੍ਹੇਆਮ ਘੁੰਮ ਰਹੇ ਹਨ। ਉਨ੍ਹਾਂ ਦੋਸ਼ ਲਗਾਇਆ ਕਿ ਕਾਰਵਾਈ ਦੀ ਘਾਟ ਇਸ ਲਈ ਕੀਤੀ ਜਾ ਰਹੀ ਹੈ ਕਿਉਂਕਿ ਇਹ ਮਾਮਲਾ ਸਿੱਧੇ ਤੌਰ ’ਤੇ ਹਰਿਆਣਾ ਦੇ ਸਭ ਤੋਂ ਪ੍ਰਭਾਵਸ਼ਾਲੀ ਰਾਜਨੀਤਿਕ ਪਰਿਵਾਰ ਨਾਲ ਜੁੜਿਆ ਹੋਇਆ ਹੈ। ਪ੍ਰਵੀਨ ਦਹੀਆ ਨੇ ਦੱਸਿਆ ਕਿ ਅਨੂਪ ਬਿਸ਼ਨੋਈ ਇੱਕ ਪ੍ਰਮੁੱਖ ਕਾਰੋਬਾਰੀ ਹੈ। ਉਨ੍ਹਾਂ ਦੇ ਲਿੰਕਡਇਨ ਪ੍ਰੋਫਾਈਲ ਦੇ ਅਨੁਸਾਰ, ਉਹ ਬਿਸਕੋ ਲਿਮਟਿਡ ਅਤੇ ਗਲੋਸਬ ਸਪਿਰਿਟ ਕੰਪਨੀ ਦੇ ਪ੍ਰਮੋਟਰ ਹਨ।

## ਸ਼੍ਰੀ ਤਰਨ ਤਾਰਨ ਜ਼ਿਮਨੀ ਚੋਣ 2025

# ਪੰਥਕ ਹਲਕੇ ਦੇ ਵੋਟਰਾਂ ਨੂੰ ਅਪੀਲ

ਇੰਟਰਨੈਸ਼ਨਲ ਪੰਥਕ ਦਲ

INTERNATIONAL PANTHIC DAL

# ਪਾਰਟੀਬਾਜੀ ਤੋਂ ਉੱਪਰ ਉੱਠ ਕੇ ਪੰਥਕ ਉਮੀਦਵਾਰ ਭਾਈ ਮਨਦੀਪ ਸਿੰਘ ਨੂੰ ਹੀ ਵੋਟ ਪਾਉਣ : ਇੰਟਰਨੈਸ਼ਨਲ ਪੰਥਕ ਦਲ



**ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ**
(ਬਾਨੀ ਇੰਟਰਨੈਸ਼ਨਲ ਪੰਥਕ ਦਲ)
ਅਤੇ ਸਾਬਕਾ ਜਥੇਦਾਰ, ਸ੍ਰੀ ਅਕਾਲ ਤਖ਼ਤ ਸਾਹਿਬ, ਅੰਮ੍ਰਿਤਸਰ



**ਭਾਈ ਪਰਮਜੀਤ ਸਿੰਘ ਢਾਡੀ**
ਅੰਤਰਰਾਸ਼ਟਰੀ ਚੀਫ ਆਰਗੇਨਾਈਜ਼ਰ
ਇੰਟਰਨੈਸ਼ਨਲ ਪੰਥਕ ਦਲ



**ਭਾਈ ਰਘਵੀਰ ਸਿੰਘ**
ਪ੍ਰਧਾਨ
ਇੰਟਰਨੈਸ਼ਨਲ ਪੰਥਕ ਦਲ ਯੂ.ਕੇ.



**ਭਾਈ ਕਪਤਾਨ ਸਿੰਘ**
ਜਰਨਲ ਸਕੱਤਰ ਤੇ ਮੁੱਖ ਬੁਲਾਰਾ
ਇੰਟਰਨੈਸ਼ਨਲ ਪੰਥਕ ਦਲ ਯੂ.ਕੇ.

**ਲਵਰਹੈਪਟਨ (ਇੰਗਲੈਂਡ)** — ਸ਼੍ਰੀ ਤਰਨ ਤਾਰਨ ਸਾਹਿਬ – ਪੰਥਕ ਏਕਤਾ ਅਤੇ ਖਾਲਸਾ ਮਰਿਆਦਾ ਦੇ ਸੁਨੇਹੇ ਨਾਲ ਜੁੜੇ ਇੰਟਰਨੈਸ਼ਨਲ ਪੰਥਕ ਦਲ ਵੱਲੋਂ ਸ਼੍ਰੀ ਤਰਨ ਤਾਰਨ ਸਾਹਿਬ ਹਲਕੇ ਵਿੱਚ ਹੋ ਰਹੀ ਜ਼ਿਮਨੀ ਚੋਣ ਸਬੰਧੀ ਇੱਕ ਮਹੱਤਵਪੂਰਨ ਬਿਆਨ ਜਾਰੀ ਕੀਤਾ ਗਿਆ ਹੈ। ਦਲ ਨੇ ਪੰਥਕ ਹਲਕੇ ਦੇ ਸੂਝਵਾਨ ਅਤੇ ਜਾਗਰੂਕ ਵੋਟਰਾਂ ਨੂੰ ਅਪੀਲ ਕੀਤੀ ਹੈ ਕਿ ਉਹ ਪਾਰਟੀਬਾਜੀ, ਵਿਅਕਤੀਗਤ ਰੁਝਾਨਾਂ ਅਤੇ ਰਾਜਨੀਤਿਕ ਸਵਾਰਥਾਂ ਤੋਂ ਉੱਪਰ ਉੱਠ ਕੇ ਆਪਣੀ ਵੋਟ ਕੇਵਲ ਪੰਥਕ ਉਮੀਦਵਾਰ ਭਾਈ ਮਨਦੀਪ ਸਿੰਘ ਨੂੰ ਹੀ ਪਾਉਣ। ਇਹ ਸਾਂਝਾ ਬਿਆਨ ਭਾਈ ਪਰਮਜੀਤ ਸਿੰਘ ਢਾਡੀ, ਅੰਤਰਰਾਸ਼ਟਰੀ ਚੀਫ ਆਰਗੇਨਾਈਜ਼ਰ ਇੰਟਰਨੈਸ਼ਨਲ ਪੰਥਕ ਦਲ, ਭਾਈ ਰਘਵੀਰ ਸਿੰਘ, ਪ੍ਰਧਾਨ ਇੰਟਰਨੈਸ਼ਨਲ ਪੰਥਕ ਦਲ ਯੂ.ਕੇ., ਅਤੇ ਭਾਈ ਕਪਤਾਨ ਸਿੰਘ, ਜਰਨਲ ਸਕੱਤਰ ਤੇ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਵੱਲੋਂ ਸਾਂਝੇ ਤੌਰ 'ਤੇ ਜਾਰੀ ਕੀਤਾ ਗਿਆ।

**ਵਾਰਿਸ ਪੰਜਾਬ ਅਕਾਲੀ ਦਲ ਦਾ ਪੰਥਕ ਉਮੀਦਵਾਰ** : ਇੰਟਰਨੈਸ਼ਨਲ ਪੰਥਕ ਦਲ ਦੇ ਆਗੂਆਂ ਨੇ ਦੱਸਿਆ ਕਿ ਵਾਰਿਸ ਪੰਜਾਬ ਅਕਾਲੀ ਦਲ ਨੇ ਸ਼੍ਰੀ ਤਰਨ ਤਾਰਨ ਹਲਕੇ ਤੋਂ ਹੋ ਰਹੀ ਜ਼ਿਮਨੀ ਚੋਣ ਵਿੱਚ ਆਪਣੇ ਉਮੀਦਵਾਰ ਵਜੋਂ ਭਾਈ ਸੰਦੀਪ ਸਿੰਘ ਸੱਨੀ ਦੇ ਭਰਾ ਭਾਈ ਮਨਦੀਪ ਸਿੰਘ ਨੂੰ ਚੋਣ ਮੈਦਾਨ ਵਿੱਚ ਉਤਾਰਿਆ ਹੈ। ਭਾਈ ਸੰਦੀਪ ਸਿੰਘ ਸੱਨੀ ਇਸ ਸਮੇਂ ਜੇਲ੍ਹ ਵਿੱਚ ਬੰਦ ਹਨ ਅਤੇ ਉਹਨਾਂ ਦਾ ਪੰਥਕ ਤੇ ਜਨਤਕ ਯੋਗਦਾਨ ਕਾਫ਼ੀ ਮਹੱਤਵਪੂਰਨ ਰਿਹਾ ਹੈ। ਉਨ੍ਹਾਂ ਦੀ ਗੈਰਹਾਜ਼ਰੀ ਵਿੱਚ, ਉਨ੍ਹਾਂ ਦੇ ਭਰਾ ਭਾਈ ਮਨਦੀਪ ਸਿੰਘ ਨੇ ਪੰਥਕ ਸਿਧਾਂਤਾਂ ਦੀ ਰੱਖਿਆ ਅਤੇ ਲੋਕ ਸੇਵਾ ਨੂੰ ਅਗੇ ਵਧਾਉਣ ਦਾ ਸੰਕਲਪ ਲਿਆ ਹੈ। ਪੰਥਕ ਦਲ ਦੇ ਆਗੂਆਂ ਨੇ ਕਿਹਾ ਕਿ ਭਾਈ ਮਨਦੀਪ ਸਿੰਘ ਇੱਕ ਸਿੱਖ ਅਦਰਸ਼ਾਂ, ਸੱਚਾਈ ਅਤੇ ਸੇਵਾ ਦੇ ਪੱਖਦਾਰ ਉਮੀਦਵਾਰ ਹਨ, ਜਿਨ੍ਹਾਂ ਨੇ ਹਮੇਸ਼ਾਂ ਗੁਰੂ ਘਰਾਂ, ਸੰਗਤਾਂ ਅਤੇ ਪੰਥਕ ਮੁਹਿੰਮਾਂ ਵਿੱਚ ਭਾਗ ਲਿਆ ਹੈ।

**ਪੰਥਕ ਏਕਤਾ ਦੀ ਲੋੜ** : ਭਾਈ ਪਰਮਜੀਤ ਸਿੰਘ ਢਾਡੀ, ਭਾਈ ਰਘਵੀਰ ਸਿੰਘ ਅਤੇ ਭਾਈ ਕਪਤਾਨ ਸਿੰਘ ਨੇ ਕਿਹਾ ਕਿ ਮੌਜੂਦਾ ਸਮੇਂ ਵਿੱਚ ਪੰਥ ਅਨੇਕਾਂ ਚੁਣੌਤੀਆਂ ਦਾ ਸਾਹਮਣਾ ਕਰ ਰਿਹਾ ਹੈ। ਉਹਨਾਂ ਕਿਹਾ – "ਇਹ ਚੋਣ ਸਿਰਫ਼ ਇੱਕ ਵਿਧਾਨ ਸਭਾ ਸੀਟ ਦੀ ਨਹੀਂ, ਸਗੋਂ ਪੰਥਕ ਸੋਚ ਅਤੇ ਗੁਰੂ ਸਿੱਖੀ ਅਦਰਸ਼ਾਂ ਦੀ ਜਿੱਤ ਦੀ ਚੋਣ ਹੈ। ਅਸੀਂ ਸਾਰਿਆਂ ਨੂੰ ਇਹ ਸੂਝਬੂਝ ਨਾਲ ਫੈਸਲਾ ਕਰਨਾ ਚਾਹੀਦਾ ਹੈ ਕਿ ਕਿਹੜਾ ਉਮੀਦਵਾਰ ਗੁਰੂ ਸਾਹਿਬ ਦੀ ਰਹਿਤ ਤੇ ਪੰਥ ਦੀ ਆਬਰੂ ਨੂੰ ਕਾਇਮ ਰੱਖ ਸਕਦਾ ਹੈ।" ਉਹਨਾਂ ਹੋਰ ਕਿਹਾ ਕਿ ਪੰਥਕ ਧਿਰਾਂ, ਸਮਾਜਕ ਜਥੇਬੰਦੀਆਂ ਤੇ ਗੁਰਮਤਿ ਪ੍ਰੇਮੀ ਸੰਗਤਾਂ ਵੱਲੋਂ ਵੀ ਭਾਈ ਮਨਦੀਪ ਸਿੰਘ ਦੀ ਖੁੱਲ੍ਹੀ ਹਮਾਇਤ ਕੀਤੀ ਜਾ ਰਹੀ ਹੈ, ਜੋ ਪੰਥਕ ਏਕਤਾ ਦਾ ਸਪਸ਼ਟ ਪ੍ਰਤੀਕ ਹੈ।

**ਸ਼੍ਰੀ ਤਰਨ ਤਾਰਨ ਸਾਹਿਬ ਦੀ ਧਰਤੀ ਦਾ ਮਹੱਤਵ** : ਆਗੂਆਂ ਨੇ ਕਿਹਾ ਕਿ ਤਰਨ ਤਾਰਨ ਸਾਹਿਬ ਦੀ ਧਰਤੀ ਗੁਰੂ ਸਾਹਿਬਾਨ ਅਤੇ ਸ਼ਹੀਦਾਂ ਦੀ ਚਰਨ ਛੋਹ ਧਰਤੀ ਹੈ, ਜੋ ਖਾਲਸਾ ਰਾਜ ਦੇ ਸਮੇਂ ਸਿੱਖ ਰਾਜਧਾਨੀ ਦਾ ਮਾਣ ਰੱਖਦੀ ਆਈ ਹੈ। ਇਸ ਲਈ ਮਾਝੇ ਦੇ ਸੂਝਵਾਨ ਸਿੱਖਾਂ ਨੂੰ ਚਾਹੀਦਾ ਹੈ ਕਿ ਉਹ ਇਸ ਧਰਤੀ ਦੀ ਰਵਾਇਤ ਨੂੰ ਜ਼ਿੰਦਾ ਰੱਖਦਿਆਂ ਪੰਥਕ ਝੰਡੇ ਹੇਠ ਇਕੱਠੇ ਹੋਣ। ਉਹਨਾਂ ਕਿਹਾ ਕਿ ਇਹ ਚੋਣ ਸਿਰਫ਼ ਰਾਜਨੀਤਿਕ ਨਹੀਂ, ਸਗੋਂ ਪੰਥਕ ਆਤਮਗੌਰਵ ਦੀ ਪ੍ਰਤੀਕ ਚੋਣ ਹੈ। ਜੇ ਮਾਝੇ ਦੇ ਸਿੱਖ ਇਕਜੁੱਟ ਹੋ ਕੇ ਭਾਈ ਮਨਦੀਪ ਸਿੰਘ ਨੂੰ ਵੱਡੀ ਲੀਡ ਨਾਲ ਕਾਮਯਾਬ ਕਰਾਉਂਦੇ ਹਨ, ਤਾਂ ਇਹ 2027 ਲਈ ਇੱਕ ਮਜ਼ਬੂਤ ਪੰਥਕ ਆਵਾਜ਼ ਦੀ ਸ਼ੁਰੂਆਤ ਹੋਵੇਗੀ।

**ਪੰਥਕ ਦਲ ਦੀ ਅਪੀਲ** : ਇੰਟਰਨੈਸ਼ਨਲ ਪੰਥਕ ਦਲ ਨੇ ਸਾਰਿਆਂ ਪੰਥਕ ਵੋਟਰਾਂ ਨੂੰ ਸਾਂਝੀ ਅਪੀਲ ਕੀਤੀ – "**ਆਉ ਜੀ, 11 ਨਵੰਬਰ ਨੂੰ ਸ਼੍ਰੀ ਤਰਨ ਤਾਰਨ ਸਾਹਿਬ ਦੀ ਧਰਤੀ ਤੋਂ ਪੰਥਕ ਜਿੱਤ ਦਾ ਨਾਅਰਾ ਲਗਾਈਏ। ਆਪਣੇ ਗੁਰੂ ਦੀ ਰਹਿਤ, ਆਪਣੇ ਸ਼ਹੀਦਾਂ ਦੀ ਕੁਰਬਾਨੀ ਅਤੇ ਆਪਣੀ ਧਰਤੀ ਦੇ ਮਾਣ ਲਈ ਭਾਈ ਮਨਦੀਪ ਸਿੰਘ ਨੂੰ ਜਿੱਤਾਂ ਕੇ 2027 ਦਾ ਰਾਹ ਪੱਧਰਾ ਕਰੀਏ।**"

## ਚੋਣ ਮਿਤੀ:
## 11 ਨਵੰਬਰ 2025

**ਹਲਕਾ: ਸ਼੍ਰੀ ਤਰਨ ਤਾਰਨ ਸਾਹਿਬ**

**ਉਮੀਦਵਾਰ: ਭਾਈ ਮਨਦੀਪ ਸਿੰਘ**
**(ਵਾਰਿਸ ਪੰਜਾਬ ਅਕਾਲੀ ਦਲ)**



ਭਾਈ ਮਨਦੀਪ ਸਿੰਘ (ਭਰਾਤਾ ਭਾਈ ਸੰਦੀਪ ਸਿੰਘ ਸੰਨੀ)
ਉਮੀਦਵਾਰ, ਵਿਧਾਨ ਸਭਾ ਹਲਕਾ ਤਰਨ-ਤਾਰਨ

ਆਵਾਜ਼ਿ ਕੌਮ AWAZE QAUM
International Newspaper & WEB TV

--★ ਜਾਰੀ ਕਰਤਾ ★--

# ਇੰਟਰਨੈਸ਼ਨਲ ਪੰਥਕ ਦਲ

ਭਾਈ ਪਰਮਜੀਤ ਸਿੰਘ ਢਾਡੀ — ਅੰਤਰਰਾਸ਼ਟਰੀ ਚੀਫ ਆਰਗੇਨਾਈਜ਼ਰ
ਭਾਈ ਰਘਵੀਰ ਸਿੰਘ — ਪ੍ਰਧਾਨ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ.
ਭਾਈ ਕਪਤਾਨ ਸਿੰਘ — ਜਰਨਲ ਸਕੱਤਰ ਤੇ ਮੁੱਖ ਬੁਲਾਰਾ, ਯੂ.ਕੇ.

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਪਹਿਲੀ ਸਬਦੁ ਸਚੀ ਟਕਸਾਲ ॥
ਦਮਦਮੀ ਟਕਸਾਲ
ਨਾਮ ਜਪੋ ਕਿਰਤ ਕਰੋ ਵੰਡ ਛਕੋ
Naam Japo Kirat Karo Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net
ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243




ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥





ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ, ਗੁਰ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ, ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੀ ਗੁਰਤਾ ਗੱਦੀ ਦਿਵਸ, ਮਾਤਾ ਸਾਹਿਬ ਕੌਰ ਜੀ ਦਾ ਜਨਮ ਦਿਹਾੜਾ, ਭਾਈ ਮਤੀ ਦਾਸ, ਭਾਈ ਸਤੀ ਰਾਮ, ਭਾਈ ਦਿਆਲ ਦਾਸ, ਭਾਈ ਜੈਤਾ ਅਤੇ ਭਾਈ ਲੱਖੀ ਸ਼ਾਹ ਬਨਜਾਰਾ ਨੂੰ ਸਮਰਪਿਤ


ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ


ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

# 29ਵਾਂ ਸਲਾਨਾ ਗੁਰਮਤਿ ਸਮਾਗਮ

**1 ਨਵੰਬਰ 2025, ਦਿਨ ਸ਼ਨੀਵਾਰ ਨੂੰ**
**ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ** ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਸੋਮਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਸ਼ਨੀਵਾਰ, ਸਵੇਰੇ 9 ਵਜੇ

ਜੋੜ ਮੇਲੇ ਵਿੱਚ ਸਿੰਘ ਸਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।





ਬੇਨਤੀ ਕਰਤਾ
**ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ**
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404
ਸੰਪਰਕ ਨੰ. 98141-27470, 84278-66404, 73408-35137

# ਸਾਂਝਾ ਪੰਜਾਬ

## VEG & NON-VEG INDIAN

WE CATER FOR
★★★★★









SANJHA PUNJAB

VEG & NON-VEG INDIAN

TAKE AWAY MENU

0116 291 1565
075 9999 5787
47 BELGRAVE ROAD
LEICESTER LE4 6AR
visit us : www.sanjhapunjab.co.uk
email: sanjha47@hotmail.com

SANJHA PUNJAB

VEG & NON-VEG INDIAN

0116 291 1565
visit us : www.sanjhapunjab.co.uk
email: sanjha47@hotmail.com

ALLERGY ADVICE !!

Please ask a member of staff if you have any food intolerance or allergies.

ਆਵਾਜ਼ਿ ਕੌਮ AWAZE QAUM
International Newspaper & WEB TV

# ਬੱਬਰਾਂ ਦੇ ਹਾਈਕੋਰਟ ਗੁਰਦੁਆਰਾ ਸ਼ਹੀਦਾਂ ਜੱਸੋਵਾਲ ਵਿਖੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਗੁਰਮਿਤ ਸਮਾਗਮਾਂ ਦੀ ਹੋਈ ਆਰੰਭਤਾ











ਜੱਸੋਵਾਲ - ਗੁਰਦੁਆਰਾ ਸ਼ਹੀਦਾਂ ਜੱਸੋਵਾਲ (ਬੱਬਰਾਂ ਦਾ ਹਾਈ ਕੋਰਟ) ਵਿਖੇ 1 ਨਵੰਬਰ ਨੂੰ ਹੋਣ ਵਾਲੇ ਵੱਡੇ ਧਾਰਮਿਕ ਸਮਾਗਮ ਲਈ ਤਿਆਰੀਆਂ ਜ਼ੋਰਾਂ 'ਤੇ ਹਨ। ਇਸ ਸਬੰਧ ਵਿੱਚ ਸੰਤ ਚਰਨਜੀਤ ਸਿੰਘ ਜੱਸੋਵਾਲ, ਜੋ ਕਿ ਦਮਦਮੀ ਟਕਸਾਲ ਦੇ ਮੈਂਬਰ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਮੁੱਖ ਬੁਲਾਰੇ ਹਨ, ਨੇ ਅੱਜ ਪਿੰਡ ਉਗੋਵਾਲ ਦੀਆਂ ਸੰਗਤਾਂ ਨੂੰ ਵਿਸ਼ੇਸ਼ ਤੌਰ 'ਤੇ ਸੱਦਾ ਪੱਤਰ ਦੇ ਕੇ ਸਮਾਗਮ ਵਿੱਚ ਸ਼ਿਰਕਤ ਕਰਨ ਦੀ ਬੇਨਤੀ ਕੀਤੀ। ਸੰਤ ਚਰਨਜੀਤ ਸਿੰਘ ਜੱਸੋਵਾਲ ਨੇ ਕਿਹਾ ਕਿ ਗੁਰਦੁਆਰਾ ਸਹੀਦਾਂ ਜੱਸੋਵਾਲ ਵਿਖੇ ਇਹ ਸਮਾਗਮ ਗੁਰਮਤਿ ਪ੍ਰਚਾਰ, ਕੀਰਤਨ ਦਰਬਾਰ ਅਤੇ ਪੰਥਕ ਏਕਤਾ ਨੂੰ ਮਜ਼ਬੂਤ ਕਰਨ ਲਈ ਸਮਰਪਿਤ ਹੈ। ਉਨ੍ਹਾਂ ਨੇ ਕਿਹਾ ਕਿ ਸੰਗਤਾਂ ਨੂੰ ਅਪੀਲ ਕੀਤੀ ਗਈ ਹੈ ਕਿ ਵੱਡੀ ਗਿਣਤੀ ਵਿੱਚ ਪਹੁੰਚ ਕੇ ਗੁਰਬਾਣੀ ਦਾ ਲਾਹਾ ਲੈਣ।

ਆਵਾਜ਼ਿ ਕੌਮ AWAZE QAUM International Newspaper & WEB TV

**ਸਮਾਗਮ ਦੀਆਂ ਤਰੀਖਾਂ ਤੇ ਵਿਸ਼ੇਸ਼ ਪ੍ਰੋਗਰਾਮ:**

**ਤਾਰੀਖ਼: 1 ਨਵੰਬਰ 2025**

**ਸਥਾਨ: ਗੁਰਦੁਆਰਾ ਸਹੀਦਾਂ ਜੱਸੋਵਾਲ (ਬੱਬਰਾਂ ਦਾ ਹਾਈ ਕੋਰਟ)**

**ਆਯੋਜਕ: ਸੰਤ ਚਰਨਜੀਤ ਸਿੰਘ ਜੱਸੋਵਾਲ, ਦਮਦਮੀ ਟਕਸਾਲ / ਇੰਟਰਨੈਸ਼ਨਲ ਪੰਥਕ ਦਲ)**

* ਜਾਰੀ ਕਰਤਾ *

## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ

**(ਦਮਦਮੀ ਟਕਸਾਲ ਮੈਂਬਰ, ਸ਼੍ਰੋਮਣੀ ਕਮੇਟੀ, ਅੰਤਰਰਾਸ਼ਟਰੀ ਮੁੱਖ ਬੁਲਾਰੇ, ਇੰਟਰਨੈਸ਼ਨਲ ਪੰਥਕ ਦਲ)**

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥







ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ, ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ, ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੀ ਗੁਰਤਗੱਦੀ ਦਿਵਸ, ਮਾਤਾ ਸਾਹਿਬ ਕੌਰ ਜੀ ਦਾ ਜਨਮ ਦਿਹਾੜਾ, ਭਾਈ ਮਤੀ ਦਾਸ, ਭਾਈ ਸਤੀ ਰਾਮ, ਭਾਈ ਦਿਆਲ ਦਾਸ, ਭਾਈ ਜੈਤਾ ਅਤੇ ਭਾਈ ਲੱਖੀ ਸ਼ਾਹ ਬਨਜਾਰਾ ਨੂੰ ਸਮਰਪਿਤ



# 29ਵਾਂ
# ਸਲਾਨਾ ਗੁਰਮਤਿ ਸਮਾਗਮ



ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਗੁਰਦੁਆਰਾ ਸ਼ਹੀਦਾਂ, ਪਿੰਡ ਜੱਸੋਵਾਲ (ਬੀਹੜਾਂ) ਬੱਬਰਾਂ ਦੇ ਹਾਈ ਕੋਰਟ
20 ਅਕਤੂਬਰ ਦਿਨ ਸੋਮਵਾਰ ਤੋਂ 1 ਨਵੰਬਰ ਦਿਨ ਸ਼ਨੀਵਾਰ ਤੱਕ 13 ਦਿਨ ਸਮਾਗਮ

## ਮਿਤੀ 1 ਨਵੰਬਰ 2025 ਦਿਨ ਸ਼ਨੀਵਾਰ

ਨੂੰ ਸ਼੍ਰੀ ਅਖੰਡ ਪਾਠ ਸਾਹਿਬਾਂ ਜੀ ਦੇ ਭੋਗ ਉਪਰੰਤ ਦੀਵਾਨ ਸਜਣਗੇ ।

ਗੁਰੂ ਦੇ ਲੰਗਰ ਅਤੇ ਚਾਹ-ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ ।



ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ

## 1 ਨਵੰਬਰ 2025 ਦਿਨ ਸ਼ਨੀਵਾਰ ਨੂੰ

ਲੜੀ ਭੋਗ ਸ਼੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ
ਖੁੱਲ੍ਹੇ ਪੰਡਾਲ ਵਿੱਚ ਸਵੇਰੇ 10-00 ਵਜੇ ਤੋਂ ਸ਼ਾਮ 4-00 ਵਜੇ ਤੱਕ ਦੀਵਾਨ ਸਜਣਗੇ ।



## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ
ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ
ਮੁੱਖ ਬੁਲਾਰਾ ਅੰਤਰਰਾਸ਼ਟਰੀ ਇੰਟਰਨੈਸ਼ਨਲ ਪੰਥਕ ਦਲ
ਮੋ: 98141-27470, 73408-35137



ਆਵਾਜ਼ਿ ਕੌਮ AWAZE QAUM International Newspaper & WEB TV

ਜਾਰੀ ਕਰਤਾ :- ਜਰਨੈਲ ਸਿੰਘ ਢਿੱਲੋਂ, 84278-66404




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਗੁਰਮਿਤ ਸਮਾਗਮ





☛ ਜੋੜ ਮੇਲਾ ਅਚਲ ਬਟਾਲਾ ☛ ਜਨਮ ਦਿਹਾੜਾ ਬਾਬਾ ਬੰਦਾ ਸਿੰਘ ਬਹਾਦਰ ਪਿੰਡ ਰਾਜੌਰੀ (ਜੰਮੂ ) ☛ ਸ਼ਹੀਦੀ ਸਾਕਾ ਪੰਜਾ ਸਾਹਿਬ (ਪਾਕਿਸਤਾਨ) ☛ ਕੌਮੀ ਯੋਧੇ ਸਹੀਦੀ ਦਿਹਾੜਾ ਭਾਈ ਬੇਅੰਤ ਸਿੰਘ ਸਾਹਿਬ ਜੀ। ☛ਜਨਮ ਦਿਹਾੜਾ ਸ੍ਰੋਮਣੀ ਭਗਤ , ਭਗਤ ਨਾਮਦੇਵ ਸਾਹਿਬ ਜੀ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ।

**ਸ਼ਨਿੱਚਰਵਾਰ 1 ਨਵੰਬਰ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ।**

ਐਤਵਾਰ 2 ਨਵੰਬਰ 2025 ਨੂੰ 6:30 ਵਜੇ ਸਵੇਰੇ ਚੋਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣਗੇ ਉਪਰੰਤ 12:30 ਵਜੇ ਤੱਕ ਦੀਵਾਨ ਸਜਣਗੇ।

ਰਾਗੀ ਜਥਾ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਜੋਗੇਵਾਲ ਪੰਜਾਬ ਧਰਤੀ ਤੋਂ ਕੀਰਤਨ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

**ਗੁਰੂ ਕਾ ਲੰਗਰ ਅਤੁੱਟ ਵਰਤੇਗਾ**

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ।
☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

## ਇੱਕ ਨਜ਼ਰ ...



# ਮੇਰਾ ਯੁਵਾ ਭਾਰਤ ਪ੍ਰੋਗਰਾਮ ਤਹਿਤ ਸੰਗਰੂਰ ਵਿਖੇ ਏਕਤਾ ਮਾਰਚ

### ਰਾਸ਼ਟਰੀ ਏਕਤਾ ਤੇ ਸਮਾਜਿਕ ਜਾਗਰੂਕਤਾ ਦਾ ਦਿੱਤਾ ਸੰਦੇਸ਼

ਸੰਗਰੂਰ, 31 ਅਕਤੂਬਰ (ਰਣਜੀਤ ਸਿੰਘ ਪੇਧਨੀ )-ਭਾਰਤ ਸਰਕਾਰ ਦੇ ਮੇਰਾ ਯੁਵਾ ਭਾਰਤ ਪ੍ਰੋਗਰਾਮ ਤਹਿਤ ਅੱਜ ਜ਼ਿਲ੍ਹਾ ਸਿੱਖਿਆ ਸਿਖਲਾਈ ਸੰਸਥਾ (ਡੀ.ਆਈ.ਈ.ਟੀ.) ਸੰਗਰੂਰ ਵਿਖੇ ਏਕਤਾ ਮਾਰਚ ਕੀਤਾ ਗਿਆ, ਜਿਸ ਦਾ ਮੁੱਖ ਉਦੇਸ਼ ਨੌਜਵਾਨਾਂ ਵਿਚ ਰਾਸ਼ਟਰੀ ਏਕਤਾ ਤੇ ਸਮਾਜਿਕ ਜਾਗਰੂਕਤਾ ਦਾ ਸੰਦੇਸ਼ ਫੈਲਾਉਣਾ ਸੀ।ਪ੍ਰੋਗਰਾਮ ਵਿਚ ਸ਼੍ਰੀ ਲਵਪ੍ਰੀਤ ਸਿੰਘ ਔਲਖ, ਸਹਾਇਕ ਕਮਿਸ਼ਨਰ, ਸੰਗਰੂਰ, ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਸ਼੍ਰੀ ਵਰਿੰਦਰ ਕੌਰ, ਪ੍ਰਿੰਸਿਪਲ (ਡੀ.ਆਈ.ਈ.ਟੀ.) ਨੇ ਵੀ ਪ੍ਰੋਗਰਾਮ ਵਿਚ ਹਾਜ਼ਰੀ ਭਰੀ।ਆਪਣੇ ਸੰਬੋਧਨ ਦੌਰਾਨ, ਸਹਾਇਕ ਕਮਿਸ਼ਨਰ ਨੇ ਨੌਜਵਾਨਾਂ ਨੂੰ ਰਾਸ਼ਟਰ-ਨਿਰਮਾਣ ਅਤੇ ਏਕਤਾ ਬਰਕਰਾਰ ਰੱਖਣ ਲਈ ਸਰਗਰਮ ਭਾਗੀਦਾਰੀ ਲਈ ਪ੍ਰੇਰਿਤ ਕੀਤਾ ਅਤੇ ਕਿਸੇ ਵੀ ਖੇਤਰ ਵਿੱਚ ਸਫਲ ਹੋਣ ਲਈ ਵੱਧ ਤੋਂ ਵੱਧ ਮਿਹਨਤ ਕਰਨ ਲਈ ਦੀ ਵੀ ਪ੍ਰੇਰਨਾ ਦਿੱਤੀ। ਪ੍ਰੋਗਰਾਮ ਵਿੱਚ ਨੁੱਕੜ ਨਾਟਕ ਪੇਸ਼ ਕੀਤਾ ਗਿਆ, ਜਿਸ ਵਿੱਚ ਏਕਤਾ ਅਤੇ ਸਮਾਜਿਕ ਜ਼ਿੰਮਿਵਾਰੀ ਦਾ ਸੰਦੇਸ਼ ਦਿੱਤਾ ਗਿਆ। ਜ਼ਿਲ੍ਹਾ ਯੂਥ ਅਫਸਰ ਸ਼੍ਰੀ ਰਾਹੁਲ ਸੈਣੀ ਨੇ ਨੌਜਵਾਨਾਂ ਨੂੰ ਸੰਬੋਧਨ ਕਰਦੇ ਹੋਏ ਸਮਾਜ ਸੇਵਾ ਅਤੇ ਜਾਗਰੂਕਤਾ ਕਾਰਜਾਂ ਵਿੱਚ ਭਾਗ ਲੈਣ ਲਈ ਉਤਸ਼ਾਹਿਤ ਕੀਤਾ।ਸਹਾਇਕ ਕਮਿਸ਼ਨਰ ਵੱਲੋਂ ਡੀ.ਆਈ.ਈ.ਟੀ. ਸੰਗਰੂਰ ਤੋਂ ਏਕਤਾ ਮਾਰਚ ਨੂੰ ਝੰਡਾ ਦਿਖਾ ਕੇ ਰਵਾਨਾ ਕੀਤਾ ਗਿਆ। ਇਹ ਮਾਰਚ ਡੀ ਐੱਫ ਓ ਦਫ਼ਤਰ, ਡਾ. ਬੀ.ਆਰ. ਅੰਮਬੇਡਕਰ ਚੌਕ, ਰਣਬੀਰ ਕਾਲਜ, ਪਟਿਆਲਾ ਗੇਟ ਰਾਹੀਂ ਵਾਪਸ ਡੀ.ਆਈ.ਈ.ਟੀ. ਸੰਗਰੂਰ ਪੁੱਜਿਆ। ਮਾਰਚ ਦੌਰਾਨ ਨੌਜਵਾਨਾਂ ਨੇ ਸ਼ਹਿਰ ਵਾਸੀਆਂ ਨੂੰ ਏਕਤਾ ਤੇ ਭਾਈਚਾਰੇ ਦਾ ਸੰਦੇਸ਼ ਦਿੱਤਾ। ਇਹ ਪ੍ਰੋਗਰਾਮ ਨੌਜਵਾਨ ਸ਼ਕਤੀ, ਸਮਾਜਿਕ ਏਕਤਾ ਅਤੇ ਰਾਸ਼ਟਰੀ ਇੱਕਜੁੱਟਤਾ ਦਾ ਮਜ਼ਬੂਤ ਸੰਦੇਸ਼ ਦੇ ਕੇ ਸਮਾਪਤ ਹੋਇਆ। ਸ਼ਹਿਰ ਵਾਸੀਆਂ ਵੱਲੋਂ ਇਸ ਪਹਿਲ ਨੂੰ ਬਹੁਤ ਸਰਾਹਿਆ ਗਿਆ।

# ਦਿੱਲੀ ਵਿੱਚ 1984 ਦੇ ਸਿੱਖ ਕਤਲੇਆਮ ਦੀ ਯਾਦਗਾਰ ਬਣਾਉਣ ਲਈ ਨਰਿੰਦਰ ਮੋਦੀ ਨੂੰ ਉਨ੍ਹਾਂ ਦੇ ਦਫ਼ਤਰ ਵਿਖੇ ਸੌਂਪਿਆ ਗਿਆ ਮੰਗ ਪੱਤਰ: ਭੋਗਲ

### ਇਸ ਮੁੱਦੇ ’ਤੇ ਚਰਚਾ ਕਰਨ ਲਈ ਦਿੱਲੀ ਸਰਕਾਰ ਦੇ ਮੁੱਖ ਮੰਤਰੀ ਨਹੀਂ ਦੇ ਰਹੇ ਮੁਲਾਕਾਤ ਲਈ ਸਮਾਂ

ਨਵੀਂ ਦਿੱਲੀ 31 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ):- ਆਲ ਇੰਡੀਆ ਦੰਗਾ ਪੀੜਤ ਰਾਹਤ ਕਮੇਟੀ 1984 ਦੇ ਪ੍ਰਧਾਨ ਜਥੇਦਾਰ ਕੁਲਦੀਪ ਸਿੰਘ ਭੋਗਲ ਅਤੇ ਸਕੱਤਰ ਜਨਰਲ ਰਵਿੰਦਰ ਸਿੰਘ ਖੁਰਾਣਾ ਨੇ ਕਿਹਾ ਕਿ ਦਿੱਲੀ ਵਿੱਚ 1984 ਦੇ ਸਿੱਖ ਕਤਲੇਆਮ ਦੀ ਯਾਦ ਵਿੱਚ ਇੱਕ ਯਾਦਗਾਰ ਬਣਾਉਣ ਦੀ ਮੰਗ ਕਰਨ ਵਾਲਾ ਇੱਕ ਮੰਗ ਪੱਤਰ ਭਾਰਤ ਦੇ ਪ੍ਰਧਾਨ ਮੰਤਰੀ, ਮਾਨਯੋਗ ਸ਼੍ਰੀ ਨਰਿੰਦਰ ਮੋਦੀ ਨੂੰ ਉਨ੍ਹਾਂ ਦੇ ਦਫ਼ਤਰ ਵਿਖੇ ਸੌਂਪਿਆ ਗਿਆ ਹੈ ।ਉਨ੍ਹਾਂ ਵਲੋਂ ਦਿੱਤੇ ਗਏ ਮੰਗਪਤਰ ਵਿਚ ਲਿਖਿਆ ਕਿ ਤੁਹਾਡੇ ਕਾਰਜਕਾਲ ਦੌਰਾਨ ਸਿੱਖ ਭਾਈਚਾਰੇ ਲਈ ਕੀਤੇ ਗਏ ਕੰਮ ਹਮੇਸ਼ਾ ਸੁਨਹਿਰੀ ਅੱਖਰਾਂ ਵਿੱਚ ਦਰਜ ਰਹਿਣਗੇ।ਮਾਣਯੋਗ ਅਟਲ ਬਿਹਾਰੀ ਵਾਜਪਾਈ ਨੇ ਕਿਹਾ ਸੀ ਕਿ ਅਸੀਂ ਸੱਤਾ ਵਿੱਚ ਰਹੀਏ ਜਾਂ ਨਾ ਰਹੀਏ, ਜੇਕਰ ਸਾਡੀ ਪਾਰਟੀ ਪੂਰਨ ਬਹੁਮਤ ਜਿੱਤਦੀ ਹੈ, ਤਾਂ ਇਹ 1984 ਦੇ ਮਾਮਲਿਆਂ ਵਿੱਚ ਸਿੱਖ ਭਾਈਚਾਰੇ ਲਈ ਇਨਸਾਫ਼ ਯਕੀਨੀ ਬਣਾਏਗੀ ਅਤੇ ਦੋਸ਼ੀਆਂ ਨੂੰ ਸਜ਼ਾ ਦੇਵੇਗੀ। ਮੋਦੀ ਜੀ, ਤੁਸੀਂ ਉਨ੍ਹਾਂ ਦੇ ਸ਼ਬਦਾਂ ਨੂੰ ਸੱਚ ਸਾਬਤ ਕੀਤਾ ਹੈ, ਖਾਸ ਕਰਕੇ 1984 ਦੇ ਕਤਲੇਆਮ ਦੇ ਮਾਮਲਿਆਂ ਵਿੱਚ। ਪਿਛਲੀਆਂ ਸਰਕਾਰਾਂ ਨੇ ਪੀੜਤਾਂ ਲਈ ਕੁਝ ਨਹੀਂ ਕੀਤਾ, ਪਰ ਤੁਹਾਡੇ ਕਾਰਜਕਾਲ ਦੌਰਾਨ ਪੀੜਤਾਂ ਨੂੰ ਇਨਸਾਫ਼ ਮਿਲਿਆ। ਤੁਹਾਡੀ ਸਰਕਾਰ ਦੇ ਕਾਰਜਕਾਲ ਦੌਰਾਨ, 2014 ਵਿੱਚ, ਤਿਲਕ ਵਿਹਾਰ ਵਿੱਚ, ਤਤਕਾਲੀ ਗ੍ਰਹਿ ਮੰਤਰੀ, ਸ਼੍ਰੀ ਰਾਜਨਾਥ ਸਿੰਘ ਨੇ 1984 ਦੇ ਕਤਲੇਆਮ ਵਿੱਚ ਮਾਰੇ ਗਏ ਲੋਕਾਂ ਦੇ ਆਸ਼ਰਿਤਾਂ ਲਈ ਐਲਾਨੇ ਗਏ ਮੁਆਵਜ਼ੇ ਨੂੰ ਵਧਾ ਕੇ 5 ਲੱਖ ਰੁਪਏ ਕਰ ਦਿੱਤਾ।



ਤੁਹਾਡੀ ਅਗਵਾਈ ਵਿੱਚ, ਸੱਜਣ ਕੁਮਾਰ ਅਤੇ 1984 ਦੇ ਕਤਲੇਆਮ ਦੇ ਹੋਰ ਮੁੱਖ ਦੋਸ਼ੀਆਂ ਨੂੰ ਇੱਕ ਸੀਟ ਬਣਾ ਕੇ ਜੇਲ੍ਹ ਭੇਜਿਆ ਗਿਆ ਸੀ। ਇਸੇ ਤਰ੍ਹਾਂ, ਤੁਹਾਡੀ ਸਰਕਾਰ ਨੇ ਇੱਕ ਸੀਟ ਬਣਾ ਕੇ ਕਾਨਪੁਰ ਕਤਲੇਆਮ ਦੇ 34 ਦੋਸ਼ੀਆਂ ਨੂੰ ਸਜ਼ਾ ਦਿਵਾਉਣ ਵਿੱਚ ਮੁੱਖ ਭੂਮਿਕਾ ਨਿਭਾਈ। ਮੱਧ ਪ੍ਰਦੇਸ਼ ਵਿੱਚ, 1984 ਦੇ ਮਾਮਲਿਆਂ ਨਾਲ ਸਬੰਧਤ 350 ਫਾਈਲਾਂ ਦੇ ਆਧਾਰ ’ਤੇ ਲੋਕਾਂ ਨੂੰ ਮੁਆਵਜ਼ਾ ਵੀ ਵੰਡਿਆ ਗਿਆ, ਉਸ ਸਮੇਂ ਮਾਨਯੋਗ ਅਮਿਤ ਸ਼ਾਹ ਅਤੇ ਮਾਨਯੋਗ ਸ਼੍ਰੀ ਸ਼ਵਿਰਾਜ ਸਿੰਘ ਚੌਹਾਨ ਅਤੇ ਮੈਂ ਵੀ ਸਟੇਜ ’ਤੇ ਮੌਜੂਦ ਸੀ। ਦੂਜੇ ਸ਼ਹਿਰਾਂ ਦੇ ਸਿੱਖਾਂ ਨੂੰ ਵੀ ਮੁਆਵਜ਼ਾ ਮਿਲਿਆ ਅਤੇ ਦੋਸ਼ੀਆਂ ਨੂੰ ਸਜ਼ਾ ਮਿਲੀ। ਇਸ ਲਈ, ਸਿੱਖ ਭਾਈਚਾਰਾ ਤੁਹਾਡਾ ਧੰਨਵਾਦੀ ਹੈ। ਕਈ ਸਾਲਾਂ ਬਾਅਦ, ਦਿੱਲੀ ਵਿੱਚ ਭਾਜਪਾ ਸਰਕਾਰ ਸੱਤਾ ਵਿੱਚ ਆਈ ਹੈ, ਅਤੇ ਸ਼੍ਰੀਮਤੀ ਰੇਖਾ ਗੁਪਤਾ ਆਪਣੀ ਕੁਸ਼ਲ ਅਗਵਾਈ ਨਾਲ ਲੋਕਾਂ ਦੇ ਦਿਲ ਜਿੱਤ ਰਹੀ ਹੈ। ਪਿਛਲੇ ਕੁਝ ਮਹੀਨਿਆਂ ਤੋਂ, ਸਿੱਖ ਭਾਈਚਾਰਾ ਮੰਗ ਕਰ ਰਿਹਾ ਹੈ ਕਿ 1984 ਦੇ ਕਤਲੇਆਮ ਦੀ ਯਾਦ ਵਿੱਚ ਦਿੱਲੀ ਵਿੱਚ ਇੱਕ ਯਾਦਗਾਰ ਬਣਾਈ ਜਾਵੇ। ਇਸ ਨਾਲ ਭਾਰਤ ਅਤੇ ਵਿਦੇਸ਼ਾਂ ਤੋਂ ਆਉਣ ਵਾਲੇ ਸੈਲਾਨੀ ਉਸ ਸਮੇਂ ਦੀ ਕਾਂਗਰਸ ਸਰਕਾਰ ਦੀ ਬੇਰਹਿਮੀ ਨੂੰ ਦੇਖ ਸਕਣਗੇ ਅਤੇ ਇਸ ਘਟਨਾ ਦਾ ਅਨੁਭਵ ਕਰ ਸਕਣਗੇ, ਜੋ ਇਤਿਹਾਸ ਦੇ ਪੰਨਿਆਂ ਵਿੱਚ ਕਾਲੇ ਅੱਖਰਾਂ ਵਿੱਚ ਲਿਖੀ ਗਈ ਹੈ। ਇਸ ਸਬੰਧ ਵਿੱਚ, ਅਸੀਂ 16 ਜੂਨ, 2025 ਨੂੰ ਦਿੱਲੀ ਦੇ ਮਾਨਯੋਗ ਮੁੱਖ ਮੰਤਰੀ ਨੂੰ ਅਤੇ 26 ਜੂਨ, 2025 ਨੂੰ ਦਿੱਲੀ ਦੇ ਮਾਨਯੋਗ ਲੈਫਟੀਨੈਂਟ ਗਵਰਨਰ ਨੂੰ 23 ਜੁਲਾਈ, 2025 ਨੂੰ ਅਤੇ ਦਿੱਲੀ ਵਿਧਾਨ ਸਭਾ ਦੇ ਮਾਨਯੋਗ ਸਪੀਕਰ ਅਤੇ ਦਿੱਲੀ ਦੇ ਮਾਨਯੋਗ ਕੈਬਨਿਟ ਮੰਤਰੀਆਂ ਨੂੰ 4 ਅਗਸਤ, 2025 ਨੂੰ ਪੱਤਰ ਭੇਜੇ। ਸਾਨੂੰ ਵਿਧਾਨ ਸਭਾ ਦੇ ਸਪੀਕਰ ਅਤੇ ਮੁੱਖ ਮੰਤਰੀ ਦਫ਼ਤਰ ਤੋਂ ਜਵਾਬ ਪ੍ਰਾਪਤ ਹੋਏ ਹਨ, ਜਿਨ੍ਹਾਂ ਦੀਆਂ ਕਾਪੀਆਂ ਨੱਥੀ ਹਨ। ਇਹ ਮੰਗ ਪੱਤਰ ਬਾਅਦ ਵਿੱਚ ਦਿੱਲੀ ਵਿੱਚ ਵਿਧਾਨ ਸਭਾ ਦੇ ਮਾਨਯੋਗ ਮੈਂਬਰਾਂ ਅਤੇ ਭਾਜਪਾ ਨੂੰ ਭੇਜਿਆ ਗਿਆ ਸੀ। ਸਾਨੂੰ ਚਾਰ ਕੈਬਨਿਟ ਮੰਤਰੀਆਂ ਤੋਂ ਜਵਾਬ ਪ੍ਰਾਪਤ ਹੋਏ, ਜਿਨ੍ਹਾਂ ਵਿੱਚ ਸਿੱਖ ਅਤੇ ਗੁਰਦੁਆਰਾ ਮਾਮਲਿਆਂ ਦੇ ਮੰਤਰੀ, ਸ਼੍ਰੀ ਪਰਵੇਸ਼ ਵਰਮਾ, ਅਤੇ ਸਿੱਖ ਮੰਤਰੀ ਮਨਜਿੰਦਰ ਸਿੰਘ ਸਿਰਸਾ ਸ਼ਾਮਲ ਹਨ, ਜਿਨ੍ਹਾਂ ਨੂੰ 1984 ਦੇ ਕਤਲੇਆਮ ਦੇ ਮਾਮਲਿਆਂ ਵਿੱਚ ਸਰਗਰਮੀ ਨਾਲ ਸ਼ਾਮਲ ਹੋਣਾ ਚਾਹੀਦਾ ਸੀ, ਪਰ ਸਾਨੂੰ ਉਨ੍ਹਾਂ ਤੋਂ ਕੋਈ ਜਵਾਬ ਨਹੀਂ ਮਿਲਿਆ। ਇਸ ਤੋਂ ਬਾਅਦ, ਅਸੀਂ ਇਸ ਮੁੱਦੇ ’ਤੇ ਚਰਚਾ ਕਰਨ ਲਈ ਦਿੱਲੀ ਸਰਕਾਰ ਦੇ ਮਾਨਯੋਗ ਮੁੱਖ ਮੰਤਰੀ ਨਾਲ ਤਿੰਨ ਵਾਰ ਮੁਲਾਕਾਤ ਦੀ ਬੇਨਤੀ ਕੀਤੀ ਹੈ, ਪਰ ਇਨਕਾਰ ਕਰ ਦਿੱਤਾ ਗਿਆ ਹੈ। ਇਸ ਲਈ, ਸ਼੍ਰੀਮਾਨ ਜੀ, ਸਿੱਖ ਭਾਈਚਾਰਾ ਇੱਕ ਵਾਰ ਫਿਰ ਤੁਹਾਡੇ ਵੱਲ ਉਮੀਦ ਨਾਲ ਦੇਖ ਰਿਹਾ ਹੈ ਕਿ ਤੁਸੀਂ ਆਪਣੀ ਯੋਗ ਅਗਵਾਈ ਨਾਲ ਇੱਕ ਵਾਰ ਫਿਰ ਸਿੱਖਾਂ ਦੇ ਦਿਲ ਜਿੱਤਣ ਵਿੱਚ ਸਫਲ ਹੋਵੋਗੇ ਅਤੇ ਆਪਣੀ ਕੁਸ਼ਲ ਅਗਵਾਈ ਮਾਨਯੋਗ ਮੁੱਖ ਮੰਤਰੀ ਅਤੇ ਸਬੰਧਤ ਮੰਤਰੀਆਂ ਤੱਕ ਪਹੁੰਚਾਓਗੇ ਤਾਂ ਜੋ ਇਹ ਇਤਿਹਾਸਕ ਯਾਦਗਾਰ ਦਿੱਲੀ ਵਿੱਚ ਬਣਾਈ ਜਾ ਸਕੇ। ਇਸ ਲਈ, ਸਿੱਖ ਭਾਈਚਾਰਾ ਹਮੇਸ਼ਾ ਧੰਨਵਾਦੀ ਰਹੇਗਾ।

# ਇੰਡਿਅਨ ਵਰਕਰਜ਼ ਐਸੋਸੀਏਸ਼ਨ ਵੱਲੋਂ ਨਸਲੀ ਮੰਤਵ ਨਾਲ ਹੋਏ ਬਲਾਤਕਾਰ ਅਤੇ ਵਧ ਰਹੇ ਨਸਲੀ ਹਮਲਿਆਂ ਦੀ ਨਿੰਦਾ- ਰਾਜਨੀਤਿਕ ਪਾਰਟੀਆਂ ‘ਤੇ ਸਮਾਜਕ ਵੰਡ ਪੈਦਾ ਕਰਨ ਦੇ ਦੋਸ਼

ਇੰਡਿਅਨ ਵਰਕਰਜ਼ ਐਸੋਸੀਏਸ਼ਨ (ਗ੍ਰੇਟ ਬ੍ਰਿਟੇਨ) ਨੇ ਓਲਡਬਰੀ (ਬਰਮਿੰਘਮ) ਵਿੱਚ ਇੱਕ ਜਵਾਨ ਸਿੱਖ ਕੁੜੀ ਨਾਲ ਨਸਲੀ ਮੰਤਵ ਨਾਲ ਹੋਏ ਬਲਾਤਕਾਰ ਅਤੇ ਮਿਡਲੈਂਡਜ਼ ਵਿੱਚ ਇੱਕ ਸਿੱਖ ਟੈਕਸੀ ਡਰਾਈਵਰ ‘ਤੇ ਨਸਲੀ ਹਮਲੇ ‘ਤੇ ਗਹਿਰੀ ਚਿੰਤਾ ਅਤੇ ਗੁੱਸਾ ਪ੍ਰਗਟ ਕੀਤਾ ਹੈ। ਸੰਸਥਾ ਨੇ ਕਿਹਾ ਹੈ ਕਿ ਇਹ ਘਟਨਾਵਾਂ ਬ੍ਰਿਟੇਨ ਵਿੱਚ ਘੱਟ ਸੰਖਿਆਕ ਅਤੇ ਪਰਵਾਸੀ ਕਮਿਊਨਿਟੀਆਂ ਖ਼ਲਿਾਫ਼ ਵਧ ਰਹੇ ਨਫਰਤੀ ਅਪਰਾਧਾਂ ਦੇ ਡਰਾਉਣੇ ਰੁਝਾਨ ਦਾ ਹਿੱਸਾ ਹਨ। ਇੱਕ ਤੀਖੇ ਬਿਆਨ ਵਿੱਚ, ਸੀਤਲ ਸਿੰਘ ਗਿੱਲ, ਜਨਰਲ ਸਕੱਤਰ, ਇੰਡਿਅਨ ਵਰਕਰਜ਼ ਐਸੋਸੀਏਸ਼ਨ (72), ਨੇ ਕਿਹਾ: ਜਵਾਨ ਸਿੱਖ ਕੁੜੀ ‘ਤੇ ਨਸਲੀ ਮੰਤਵ ਨਾਲ ਕੀਤਾ ਗਿਆ ਬਲਾਤਕਾਰ ਇੱਕ ਬਰਬਰ ਅਤੇ ਕਾਇਰਾਨਾ ਜੁਰਮ ਹੈ ਜਿਸ ਨੇ ਹਰ ਇਨਸਾਨੀ ਦਿਲ ਨੂੰ ਝੰਝੋੜ ਦਿੱਤਾ ਹੈ। ਇਹ ਸਿਰਫ਼ ਇੱਕ ਔਰਤ ‘ਤੇ ਹਮਲਾ ਨਹੀਂ, ਸਗੋਂ ਸਾਰੀਆਂ ਔਰਤਾਂ ਅਤੇ ਘੱਟ ਸੰਖਿਆਕ ਕਮਿਊਨਿਟੀਆਂ ਦੀ ਇੱਜ਼ਤ ਅਤੇ ਸੁਰੱਖਿਆ ‘ਤੇ ਹਮਲਾ ਹੈ। ਅਸੀਂ ਕੁਝ ਰਾਜਨੀਤਿਕ ਪਾਰਟੀਆਂ ਦੇ ਵਿਵਹਾਰ ਤੋਂ ਬਹੁਤ ਨਿਰਾਸ਼ ਹਾਂ, ਜੋ ਪਰਵਾਸੀਆਂ ਨੂੰ ਨਿਸ਼ਾਨਾ ਬਣਾ ਕੇ ਬ੍ਰਿਟਿਸ਼ ਜਨਤਾ ਵਿਚ ਵੰਡ ਪੈਦਾ ਕਰਨ ਦੀ ਕੋਸ਼ਸ਼ਿ ਕਰ ਰਹੀਆਂ ਹਨ। ਇਹ ਵੰਡ ਵਾਲੀ ਰਾਜਨੀਤੀ ਸਿਰਫ਼ ਨਸਲਵਾਦ ਅਤੇ ਨਫਰਤ ਨੂੰ ਵਧਾਉਂਦੀ ਹੈ।ਅਸੀਂ ਸਾਰੇ ਸੱਚੇ ਅਤੇ ਸ਼ਾਂਤੀਪਸੰਦ ਲੋਕਾਂ ਨੂੰ ਅਪੀਲ ਕਰਦੇ ਹਾਂ ਕਿ ਉਹ ਐਸੀ ਰਾਜਨੀਤੀ ਨੂੰ ਰੱਦ ਕਰਨ ਅਤੇ ਏਕਤਾ ਤੇ ਭਰਾਵਾਂਵਾਲੇ ਪਿਆਰ ਨਾਲ ਖੜੇ ਰਹਿਣ। ਮਿਸਟਰ ਗਿੱਲ ਨੇ ਕਿਹਾ ਕਿ ਇੰਡਿਅਨ ਵਰਕਰਜ਼ ਐਸੋਸੀਏਸ਼ਨ (72) ਅਤੇ ਵੱਡੀ ਕਮਿਊਨਿਟੀ ਨਸਲਵਾਦ ਅਤੇ ਨਫਰਤ ਦੇ ਹਰ ਰੂਪ ਖ਼ਲਿਾਫ਼ ਆਪਣੀ ਲੜਾਈ ਜਾਰੀ ਰੱਖੇਗੀ, ਅਤੇ ਸਾਰੇ ਟ੍ਰੇਡ ਯੂਨੀਅਨਾਂ, ਧਾਰਮਿਕ ਅਤੇ ਸਮਾਜਿਕ ਸੰਗਠਨਾਂ ਨੂੰ ਇਕੱਠੇ ਹੋ ਕੇ ਇੱਕਤਾ ਅਧਾਰਤ ਅਭਿਆਨ ਚਲਾਉਣ ਦੀ ਅਪੀਲ ਕੀਤੀ। ਇੱਕ ਕਮਿਊਨਿਟੀ ‘ਤੇ ਹਮਲਾ ਸਾਰੀਆਂ ਕਮਿਊਨਿਟੀਆਂ ‘ਤੇ ਹਮਲਾ ਹੈ।ਨਸਲਵਾਦ, ਔਰਤਾਂ ਖ਼ਲਿਾਫ਼ ਹਿੰਸਾ ਅਤੇ ਨਫਰਤ ਦਾ ਸੱਭਿਆਚਾਰਕ ਤੇ ਲੋਕਤੰਤਰਿਕ ਸਮਾਜ ਵਿੱਚ ਕੋਈ ਸਥਾਨ ਨਹੀਂ ਹੈ। ਇੰਡਿਅਨ ਵਰਕਰਜ਼ ਐਸੋਸੀਏਸ਼ਨ ਨੇ ਬ੍ਰਿਟਿਸ਼ ਸਰਕਾਰ, ਪੁਲਿਸ ਅਧਿਕਾਰੀਆਂ ਅਤੇ ਕ੍ਰਾਊਨ ਪ੍ਰੋਸੀਕਿਊਸ਼ਨ ਸਰਵਿਸ ਨੂੰ ਅਪੀਲ ਕੀਤੀ ਹੈ ਕਿ ਉਹ ਇਸ ਮਾਮਲੇ ਵਿੱਚ ਤੁਰੰਤ ਅਤੇ ਸਖ਼ਤ ਕਾਰਵਾਈ ਕਰਨ, ਪੀੜਤ ਨੂੰ ਇਨਸਾਫ਼ ਦਿਵਾਉਣ, ਦੋਸ਼ੀਆਂ ਨੂੰ ਅਦਾਲਤ ਵਿਚ ਲਿਆਉਣ ਅਤੇ ਘੱਟ ਸੰਖਿਆਕਾਂ ਤੇ ਮਹਿਲਾਵਾਂ ਦੀ ਸੁਰੱਖਿਆ ਮਜ਼ਬੂਤ ਕਰਨ ਲਈ ਕਦਮ ਚੁੱਕਣ। ਸੰਸਥਾ, ਜਿਸਦਾ ਬ੍ਰਿਟੇਨ ਵਿੱਚ ਨਸਲਵਾਦ ਵਿਰੋਧੀ ਤੇ ਮਜ਼ਦੂਰ ਅਧਿਕਾਰਾਂ ਲਈ ਲੰਮਾ ਇਤਿਹਾਸ ਹੈ, ਨੇ ਕਿਹਾ ਹੈ ਕਿ ਉਹ ਇਹ ਬਿਆਨ ਅਤੇ ਪ੍ਰਸਤਾਵ ਸਾਰੇ ਮੁੱਖ ਟ੍ਰੇਡ ਯੂਨੀਅਨਾਂ ਨੂੰ ਭੇਜ ਰਹੀ ਹੈ ਅਤੇ ਅਗਲੇ ਕਦਮਾਂ ਅਤੇ ਮੀਟਿੰਗਾਂ ਦੀ ਯੋਜਨਾ ਬਣਾ ਰਹੀ ਹੈ ਤਾਂ ਜੋ ਇਨਸਾਫ਼ ਮਿਲੇ ਅਤੇ ਦਿਸੇ ਵੀ ਕਿ ਇਨਸਾਫ਼ ਹੋਇਆ ਹੈ।



# ਇੰਦਰਾ ਦੇ ਸੋਧੇ ਤੋਂ ਬਾਅਦ ਭਾਈ ਬਿਅੰਤ ਸਿੰਘ ਦਾ ਪਿੰਡ ਸਾੜਨ ਲੱਗੇ ਸੀ ਹਿੰਦੂ ਗੁੰਡੇ

ਸ੍ਰੀ ਦਰਬਾਰ ਸਾਹਿਬ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਉੱਤੇ ਫ਼ੌਜੀ ਹਮਲਾ ਕਰਵਾਉਣ ਵਾਲੀ ਪਾਪਣ ਇੰਦਰਾ ਗਾਂਧੀ ਨੂੰ ਜਦੋਂ ਭਾਈ ਸਤਵੰਤ ਸਿੰਘ ਅਤੇ ਭਾਈ ਬਿਅੰਤ ਸਿੰਘ ਨੇ 31 ਅਕਤੂਬਰ 1984 ਨੂੰ ਗੱਡੀ ਚਾੜ੍ਹ ਦਿੱਤਾ ਤਾਂ ਉਸ ਤੋਂ ਬਾਅਦ ਫ਼ਿਰਕੂ ਹਿੰਦੂਤਵੀਆਂ ਨੇ ਭਾਰਤ ਭਰ ਵਿੱਚ ਬੇਦੋਸ਼ੇ ਸਿੱਖਾਂ ਦਾ ਕਤਲੇਆਮ ਕੀਤਾ ਅਤੇ ਸਿੱਖਾਂ ਦੇ ਘਰਾਂ ਤੇ ਜਾਇਦਾਦਾਂ ਨੂੰ ਅੱਗ ਲਾ ਦਿੱਤੀ। ਭਾਈ ਬੇਅੰਤ ਸਿੰਘ ਜੀ ਜੋ ਚੰਡੀਗੜ੍ਹ ਦੇ ਨੇੜੇ ਪਿੰਡ ਮਲੋਆ ਦੇ ਰਹਿਣ ਵਾਲੇ ਸਨ। ਕੁਝ ਹਿੰਦੂ ਗੁੰਡੇ ਜੋ ਭਾਈ ਬੇਅੰਤ ਸਿੰਘ ਦਾ ਪਿੰਡ ਮਲੋਆ ਨੂੰ ਸਾੜਨ ਲਈ ਪਿੰਡ ਲੱਡੂ ਮਾਜਰਾ ਵਿਖੇ ਇਕੱਠੇ ਹੋਏ ਜਿਨ੍ਹਾਂ ਦੇ ਹੱਥਾਂ ਵਿੱਚ ਪੈਟਰੋਲ ਦੀਆਂ ਬੋਤਲਾਂ, ਤੇਲ ਦੀਆਂ ਪੀਪੀਆਂ, ਤ੍ਰਿਸ਼ੂਲ, ਤਲਵਾਰਾਂ, ਡਾਂਗਾਂ ਅਤੇ ਲੋਹੇ ਦੀਆਂ ਰਾਡਾਂ ਸਨ। ਪਿੰਡ ਮਲੋਆ ਦੇ ਸਰਪੰਚ ਸਰਦਾਰ ਸਰੂਪ ਸਿੰਘ ਨੂੰ ਜਦੋਂ ਇਸ ਗੱਲ ਦਾ ਪਤਾ ਲੱਗਾ ਤਾਂ ਉਹਨਾਂ ਨੇ ਤੁਰੰਤ ਹੀ ਪਿੰਡ ਦੇ ਗੁਰਦੁਆਰਾ ਸਾਹਿਬ ਵਿੱਚ ਅਨਾਊਂਸਮੈਂਟ ਕਰਵਾਈ ਅਤੇ ਪਿੰਡ ਵਾਸੀਆਂ ਨੂੰ ਸਾਰੇ ਘਟਨਾਕ੍ਰਮ ਅਤੇ ਹੋਣ ਵਾਲੇ ਹਮਲੇ ਬਾਰੇ ਦੱਸਿਆ। ਸਾਰੇ ਪਿੰਡ ਦੇ ਨੌਜਵਾਨਾਂ ਨੇ ਸਲਾਹ ਕੀਤੀ ਕਿ ਪਿੰਡ ਦੀ ਰਾਖੀ ਕੀਤੀ ਜਾਵੇ। ਸਿੱਖ ਨੌਜਵਾਨ ਉਸੇ ਸਮੇਂ ਆਪਣੇ ਘਰਾਂ ਵਿੱਚੋਂ ਡਾਂਗਾਂ, ਕਿਰਪਾਨਾਂ, ਗੰਡਾਸੀਆਂ ਅਤੇ ਹੋਰ ਸ਼ਸਤਰ ਕੱਢ ਲਿਆਏ ਤੇ ਪਿੰਡ ਦੇ ਚਾਰੇ ਪਾਸੇ ਉਹਨਾਂ ਨੇ ਪਹਿਰੇ ਲਾਉਣੇ ਸ਼ੁਰੂ ਕਰ ਦਿੱਤੇ। ਪਿੰਡ ਵਾਸੀਆਂ ਨੇ ਇਸ ਹਮਲੇ ਦਾ ਜਵਾਬ ਦੇਣ ਲਈ ਆਪਣੇ ਆਪ ਨੂੰ ਪੂਰੀ ਤਰ੍ਹਾਂ ਤਿਆਰ ਕਰ ਲਿਆ ਤੇ ਸਾਰੇ ਹੀ ਸੁਚੇਤ ਹੋ ਗਏ। ਪਿੰਡ ਵਾਸੀਆਂ ਨੇ ਦੱਸਿਆ ਕਿ ਜਿਹੜੇ ਲੋਕ ਤਾਂ ਗੁਰੂ-ਘਰ ਨਾਲ ਜੁੜੇ ਸੀ, ਉਹਨਾਂ ਨੇ ਮੋਰਚਾ ਸੰਭਾਲ ਲਿਆ ਅਤੇ ਬਾਕੀ ਕੁਝ ਲੋਕ ਜੋ ਮੁਸੀਬਤ ਦਾ ਸਾਹਮਣਾ ਕਰਨ ਦੀ ਬਜਾਏ ਆਪਣੇ ਰਿਸ਼ਤੇਦਾਰਾਂ ਦੇ ਚਲੇ ਗਏ। ਇੰਨੇ ਚਿਰ ਨੂੰ ਚੰਡੀਗੜ੍ਹ ਪੁਲਿਸ ਨੇ ਵੀ ਪਿੰਡ ਵਿੱਚ ਗੇੜੇ ਮਾਰਨੇ ਸ਼ੁਰੂ ਕਰ ਦਿੱਤੇ ਅਤੇ ਪਿੰਡ ਮਲੋਆ ਦੇ ਹਰ ਇੱਕ ਨੌਜਵਾਨ, ਬਜ਼ੁਰਗ, ਬੀਬੀ ਅਤੇ ਬੱਚੇ ਬਾਰੇ ਜਾਣਕਾਰੀ ਇਕੱਤਰ ਕੀਤੀ। ਪੁਲਿਸ ਨੇ ਸਾਰੇ ਪਿੰਡ ਵਾਸੀਆਂ ਦੀ ਸੂਹ ਪ੍ਰਾਪਤ ਕੀਤੀ ਕਿ ਕੌਣ ਕੀ-ਕੀ ਕਰਦਾ ਹੈ। ਪਿੰਡ ਵਿੱਚ ਕਿਹੜੇ ਵਿਅਕਤੀ ਦੇ ਭਾਈ ਬੇਅੰਤ ਸਿੰਘ ਅਤੇ ਉਸ ਦੇ ਪਰਿਵਾਰ ਨਾਲ ਸੰਬੰਧ ਹਨ ਤੇ ਕੌਣ ਕਿੱਥੇ-ਕਿੱਥੇ ਡਿਊਟੀ ਜਾਂ ਹੋਰ ਕੋਈ ਕੰਮ ਕਰਦਾ ਹੈ। ਫਿਰ ਦਿੱਲੀ ਤੋਂ ਪੁਲਿਸ ਆ ਗਈ, ਉਹਨਾਂ ਨੇ ਸਾਰੇ ਪਿੰਡ ਨੂੰ ਘੇਰਾ ਪਾ ਲਿਆ, ਕਈਆਂ ਨੂੰ ਗ੍ਰਿਫ਼ਤਾਰ ਕੀਤਾ, ਕਈਆਂ ਤੋਂ ਪੁੱਛਗਿੱਛ ਕੀਤੀ ਅਤੇ ਹਰ ਇੱਕ ਦਾ ਨਾਮ-ਪਤਾ ਲਿਖਿਆ। ਭਾਈ ਬੇਅੰਤ ਸਿੰਘ ਅਤੇ ਉਹਨਾਂ ਦੇ ਭਰਾ ਤੇ ਕੁਝ ਹੋਰਾਂ ਨੂੰ ਫੜ ਕੇ ਦਿੱਲੀ ਲੈ ਗਏ। ਇਸ ਪਿੰਡ ਵਿੱਚ ਹਮਲਾ ਕਰਨ ਦੀ ਤਿਆਰੀ ਕਰਨ ਵਾਲੇ ਹਿੰਦੂ ਗੁੰਡਿਆਂ ਨੂੰ ਜਦੋਂ ਇਹ ਪਤਾ ਲੱਗਾ ਕਿ ਅੱਗੋਂ ਪਿੰਡ ਮਲੋਆ ਦੇ ਵਾਸੀ ਵੀ ਖੰਡਾ ਖੜਕਾਉਣ ਲਈ ਤਿਆਰ ਹੋ ਗਏ ਹਨ ਤੇ ਉਹ ਪਿੰਡ ਵਿੱਚ ਗਿਆਂ ਨੂੰ ਸਾਨੂੰ ਬਖ਼ਸ਼ਣਗੇ ਨਹੀਂ, ਸਗੋਂ ਟੋਟੇ-ਟੋਟੇ ਕਰਕੇ ਹੀ ਵਾਪਸ ਮੋੜਨਗੇ ਤਾਂ ਫਿਰ ਉਹ ਹਿੰਦੂ ਗੁੰਡੇ ਘਬਰਾ ਗਏ ਤੇ ਓਥੋਂ ਹੀ ਵਾਪਸ ਆਪਣੇ ਘਰਾਂ ਨੂੰ ਤਿੱਤਰ ਹੋ ਗਏ। ਭਾਈ ਹਰਨੇਕ ਸਿੰਘ ਮਲੋਆ ਅਤੇ ਹੋਰ ਪਿੰਡ ਵਾਸੀਆਂ ਦੇ ਦੱਸਣ ਅਨੁਸਾਰ ਚੰਡੀਗੜ੍ਹ ਪੁਲਿਸ ਨੇ ਬਾਅਦ ਵਿੱਚ ਇਸ ਹਿੰਦੂ ਭੀੜ ਦੀ ਅਗਵਾਈ ਕਰਨ ਵਾਲੇ ਮੁੱਖ ਗੁੰਡੇ ਨੂੰ ਗ੍ਰਿਫ਼ਤਾਰ ਕਰ ਲਿਆ ਸੀ। ਪਿੰਡ ਵਾਸੀਆਂ ਨੇ ਤਕਰੀਬਨ ਇੱਕ ਮਹੀਨਾ ਸ਼ਸਤਰਧਾਰੀ ਹੋ ਕੇ ਦਿਨ-ਰਾਤ ਠੀਕਰੀ ਪਹਿਰੇ ਲਾਏ ਤੇ ਸਭ ਗੁਰਦੁਆਰਾ ਵਿੱਚੋਂ ਹੀ ਲੰਗਰ ਪ੍ਰਸ਼ਾਦਾ ਛਕਦੇ।ਪਿੰਡ ਦੇ ਬਾਹਰਵਾਰ ਪੁਲਿਸ ਵੀ ਲੱਗੀ ਰਹੀ ਅਤੇ ਅੰਦਰਲੇ ਪਾਸੇ ਪਿੰਡ ਵਾਸੀ ਖੁਦ ਡਟੇ ਰਹੇ। ਤਕਰੀਬਨ ਇੱਕ ਮਹੀਨਾ ਕਿਸੇ ਨੂੰ ਬਾਹਰ ਨਹੀਂ ਸੀ ਜਾਣ ਦਿੱਤਾ ਜਾਂਦਾ ਤੇ ਬਾਹਰੋਂ ਪਿੰਡ ਵਿੱਚ ਦਾਖਲ ਹੋਣ ਵਾਲੇ ਵਿਅਕਤੀ ਨੂੰ ਵੀ ਸ਼ੱਕੀ ਨਿਗ੍ਹਾ ਨਾਲ ਵੇਖਿਆ ਜਾਂਦਾ ਤੇ ਉਸ ਦੀ ਪੁੱਛ-ਪੜਤਾਲ ਕੀਤੀ ਜਾਂਦੀ।ਪਿੰਡ ਵਾਸੀਆਂ ਨੇ ਤਾਂ ਚੰਡੀਗੜ੍ਹ ਅਤੇ ਦਿੱਲੀ ਪੁਲਿਸ ਨੂੰ ਵੀ ਇਹ ਲਿਖਤੀ ਰੂਪ ਵਿੱਚ ਪੱਤਰ ਦਿੱਤਾ ਸੀ ਕਿ ਜੇ ਕੋਈ ਪੁਲਿਸ ਅਫ਼ਸਰ ਜਾਂ ਮੁਲਾਜ਼ਮ ਸਾਡੇ ਪਿੰਡ ਵਿੱਚ ਆਵੇ ਤਾਂ ਉਹ ਵਰਦੀ ਵਿੱਚ ਹੀ ਆਵੇ।ਜੇ ਕੋਈ ਵਰਦੀ ਤੋਂ ਬਿਨਾਂ ਆਇਆ ਤਾਂ ਉਹ ਸ਼ੱਕੀ ਤੌਰ ਉੱਤੇ ਸਾਡੇ ਕੋਲੋਂ ਰਗੜਿਆ ਗਿਆ ਤਾਂ ਇਸ ਦੇ ਤੁਸੀਂ ਆਪ ਜ਼ਿੰਮਿਵਾਰ ਹੋਵੋਗੇ। ਭਾਈ ਬੇਅੰਤ ਸਿੰਘ ਦੀ ਛੋਟੀ ਭਰਜਾਈ ਨੇ ਦੱਸਿਆ ਕਿ ਦਿੱਲੀ ਪੁਲਿਸ ਨੇ ਪੂਰੇ ਘਰ ਦੀ ਤਲਾਸ਼ੀ ਕੀਤੀ ਪਰ ਉਹਨਾਂ ਨੂੰ ਕੁਝ ਵੀ ਇਤਰਾਜ਼ਯੋਗ ਚੀਜ ਨਹੀਂ ਮਿਲੀ। ਪੁਲਿਸ ਕਾਫ਼ੀ ਸਮਾਂ ਘਰ ਵਿੱਚ ਗੇੜੇ ਮਾਰਦੀ ਰਹੀ ਅਤੇ ਬਾਕੀ ਪਰਿਵਾਰਕ ਮੈਂਬਰਾਂ ਤੇ ਬੀਬੀ ਬਿਮਲ ਕੌਰ ਨੂੰ ਲੈ ਜਾਂਦੀ। ਪਿੰਡ ਵਾਸੀ ਦੱਸਦੇ ਹਨ ਕਿ “ਜਦੋਂ ਭਾਈ ਬੇਅੰਤ ਸਿੰਘ ਨੇ ਢੱਠਾ ਹੋਇਆ ਸ੍ਰੀ ਅਕਾਲ ਤਖ਼ਤ ਸਾਹਿਬ ਵੇਖਿਆ ਤਾਂ ਉਸ ਦੀ ਰੂਹ ਕੰਬ ਗਈ, ਉਸ ਕੋਲ ਇਹ ਤਬਾਹੀ ਵੇਖੀ ਅਤੇ ਜਰੀ ਨਹੀਂ ਸੀ ਗਈ। ਫਿਰ ਵਾਹਿਗੁਰੂ ਦੀ ਕੁਦਰਤੀ ਖੇਡ ਵਾਪਰੀ, ਭਾਈ ਬੇਅੰਤ ਸਿੰਘ ਨੇ ਇੰਦਰਾ ਨੂੰ ਮਾਰਨ ਦਾ ਫ਼ੈਸਲਾ ਕਰ ਲਿਆ।” ਪਿੰਡ ਦੇ ਬਜ਼ੁਰਗਾਂ ਨੇ ਬੜੇ ਮਾਣ ਨਾਲ ਦੱਸਿਆ ਕਿ “ਸ੍ਰੀ ਅਕਾਲ ਤਖ਼ਤ ਸਾਹਿਬ ਨਾਲ ਜਿਹੜਾ ਵੀ ਟਕਰਾਇਆ, ਉਹ ਫਿਰ ਬਚ ਨਹੀਂ ਸਕਦਾ ਤੇ ਫਿਰ ਇੰਦਰਾ ਗਾਂਧੀ ਨੂੰ ਵੀ ਆਪਣਾ ਹਸ਼ਰ ਭੋਗਣਾ ਪਿਆ। ਭਾਈ ਬਿਅੰਤ ਸਿੰਘ ਉਸ ਨਾਲ ਡਿਊਟੀ ਕਰਦਾ ਸੀ, ਉਸ ਦੇ ਮਨ ਵਿੱਚ ਪਹਿਲਾਂ ਅਜਿਹਾ ਕੁਝ ਵੀ ਨਹੀਂ ਸੀ ਪਰ ਸ੍ਰੀ ਅਕਾਲ ਤਖ਼ਤ ਸਾਹਿਬ ਵੱਲ ਵੇਖ ਕੇ ਉਹ ਬਿਲਕੁਲ ਬਦਲ ਗਿਆ ਤੇ ਉਸ ਨੇ ਇੰਦਰਾ ਨੂੰ ਸੋਧ ਕੇ ਸ੍ਰੀ ਦਰਬਾਰ ਸਾਹਿਬ ਦਾ ਬਦਲਾ ਲਿਆ।” ਹੁਣ ਹਰ ਸਾਲ 31 ਅਕਤੂਬਰ ਨੂੰ ਪਿੰਡ ਮਲੋਆ ਦੇ ਗੁਰਦੁਆਰਾ ਸਾਹਿਬ ਵਿੱਚ ਭਾਈ ਬੇਅੰਤ ਸਿੰਘ, ਭਾਈ ਸਤਵੰਤ ਸਿੰਘ ਅਤੇ ਭਾਈ ਕੇਹਰ ਸਿੰਘ ਦੀ ਯਾਦ ਵਿੱਚ ਸ਼ਹੀਦੀ ਸਮਾਗਮ ਕਰਵਾਇਆ ਜਾਂਦਾ ਹੈ। ਭਾਈ ਬੇਅੰਤ ਸਿੰਘ ਦੇ ਇਸ ਖ਼ਾਲਸਾਈ ਜੁਝਾਰੂ ਕਾਰਨਾਮੇ ਨੇ ਪਿੰਡ ਮਲੋਆ ਦਾ ਨਾਮ ਸਿੱਖ ਇਤਿਹਾਸ ਵਿੱਚ ਦਰਜ ਕਰਵਾ ਦਿੱਤਾ। ਪਿੰਡ ਮਲੋਆ ਦੇ ਵਾਸੀਆਂ ਨੇ ਉਸ ਸਮੇਂ ਜਿਸ ਤਰ੍ਹਾਂ ਸ਼ਸਤਰਧਾਰੀ ਹੋ ਕੇ ਪਿੰਡ ਦੀ ਰਾਖੀ ਕੀਤੀ, ਇਸੇ ਤਰ੍ਹਾਂ ਹਰੇਕ ਸਿੱਖ ਨੂੰ ਹਰ ਸਮੇਂ ਸ਼ਸਤਰਧਾਰੀ ਹੋ ਕੇ ਰਹਿਣਾ ਚਾਹੀਦਾ ਹੈ ਤਾਂ ਜੋ ਨਵੰਬਰ 1984 ਵਾਂਗ ਸਿੱਖਾਂ ਦੀ ਨਸਲਕੁਸ਼ੀ ਨਾ ਵਾਪਰ ਸਕੇ ਤੇ ਚੜ੍ਹ ਕੇ ਆਏ ਦੁਸ਼ਮਣਾਂ ਨੂੰ ਜੂਨ 1984 ਵਾਂਗ ਹੀ ਮੌਕੇ ’ਤੇ ਮੋੜਵਾਂ ਜਵਾਬ ਦਿੱਤਾ ਜਾ ਸਕੇ।





**- ਰਣਜੀਤ ਸਿੰਘ ਦਮਦਮੀ ਟਕਸਾਲ(ਪ੍ਰਧਾਨ ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ)ਮੋ :** 88722-93883.

# ਹਰ ਸ਼ੁਕਰਵਾਰ ਡੈਂਗੂ ਤੇ ਵਾਰ -ਐਸ ਆਈ ਅਸ਼ੋਕ ਕੁਮਾਰ

ਧੂਰੀ, 31 ਅਕਤੂਬਰ ( ਰਣਜੀਤ ਸਿੰਘ ਪੇਧਨੀ )- ਸਿਵਲ ਸਰਜਨ ਸੰਗਰੂਰ ਡਾਕਟਰ ਅਮਰਜੀਤ ਕੌਰ ਜੀ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ ਅਤੇ ਜਿਲਾਂ ਐਪੀਡੀਮੋਲੋਜਿਸਟ ਡਾਕਟਰ ਉਪਾਸਨਾ ਬਿੰਦਰਾਂ ਜੀ ਅਤੇ ਡਾਕਟਰ ਰਮਨਦੀਪ ਕੌਰ ਜੀ ਅਤੇ ਐਸ ਐਮ ਓ ਜਸਦੀਪ ਸਿੰਘ ਜੀ ਦੀ ਯੋਗ ਅਗਵਾਈ ਅਤੇ ਅਸ਼ੋਕ ਕੁਮਾਰ ਐਸ ਆਈ ਦੀ ਸੁਪਰਵੀਜਨ ਵਿੱਚ ਸੈਕਟਰ ਕਾਂਝਲਾ ਆਧੀਨ ਪਿੰਡ ਪੁੰਨਾਵਾਲ ਵਿੱਚ ਡ੍ਰਾਈ ਡੇ ਐਕਟੀਵਿਟੀ ਕੀਤੀ ਗਈ। ਜਿਸ ਦੌਰਾਨ ਅਸ਼ੋਕ ਕੁਮਾਰ ਐਸ ਆਈ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਡੈਂਗੂ ਇੱਕ ਵਾਇਰਲ ਬੁਖਾਰ ਹੈ ਜੋ ਏਡੀਜ ਅਜਿਪਟੀ ਨਾਮ ਦੇ ਮੱਛਰ ਦੇ ਕੱਟਣ ਨਾਲ ਹੁੰਦਾ ਹੈ ਇਹ ਮੱਛਰ ਹਮੇਸ਼ਾ ਸਾਫ਼ ਅਤੇ ਖੜੇ ਪਾਣੀ ਵਿੱਚ ਪੈਦਾ ਹੁੰਦਾ ਹੈ ।ਇਹ ਮੱਛਰ ਕੂਲਰ ਦੇ ਪਾਣੀ ਵਿੱਚ ਅਤੇ ਫਰਿੱਜਾਂ ਪਿੱਛੇ ਲੱਗੀਆਂ ਟਰੇਆਂ,ਗਮਲਿਆਂ,ਕੰਨਟੇਨਰਾ,ਖੈਲਾ ਛੱਤ ਤੇ ਪਏ ਕਬਾੜ ਟਾਇਰਾਂ ਆਦਿ ਖੜੇ ਪਾਣੀ ਵਿੱਚ ਪੈਦਾ ਹੁੰਦਾ ਹੈ ਇਸ ਲਈ ਸਾਨੂੰ ਇੱਕ ਹਫਤੇ ਤੋਂ ਪਹਿਲਾਂ ਪਹਿਲਾਂ ਇਹਨਾਂ ਬਰਤਨਾਂ ਵਿੱਚਲਾ ਪਾਣੀ ਬਦਲ ਦੇਣਾ ਚਾਹੀਦਾ ਹੈ ਅਤੇ ਬਰਤਨਾਂ ਨੂੰ ਪੂਰੀ ਤਰ੍ਹਾਂ ਸਾਫ਼ ਕਰ ਕੇ ਚੰਗੀ ਤਰ੍ਹਾਂ ਸੁੱਕਾ ਕੇ ਫਿਰ ਪਾਣੀ ਪਾਇਆ ਜਾਵੇ ਇਹ ਮੱਛਰ ਸਵੇਰੇ ਸ਼ਾਮ ਕੱਟਦਾ ਹੈ ਇਸ ਲਈ ਸਵੇਰੇ ਸ਼ਾਮ ਪੂਰੇ ਕੱਪੜੇ ਪਹਿਨਣੇ ਚਾਹੀਦੇ ਹਨ ਜੇ ਕਰ ਕਿਸੇ ਵਿਆਕਤੀ ਨੂੰ ਤੇਜ਼ ਸਿਰ ਦਰਦ ਅਤੇ ਤੇਜ਼ ਬੁਖਾਰ,ਅੱਖਾਂ ਦੇ ਪਿਛਲੇ ਹਿੱਸੇ ਵਿੱਚ ਦਰਦ,ਮਾਸ ਪੇਸ਼ੀਆਂ ਅਤੇ ਜੋੜਾਂ ਵਿੱਚ ਦਰਦ,ਜੀ ਕੱਚਾ ਹੋਣਾ ਅਤੇ ਉਲਟੀਆਂ,ਹਾਲਤ ਖ਼ਰਾਬ ਹੋਣ ਤੇ ਨੱਕ,ਮੂੰਹ ਅਤੇ ਮਸੂੜਿਆਂ ਵਿੱਚੋਂ ਖ਼ੂਨ ਵੱਗਣਾ ਆਦਿ ਤਾਂ ਸਾਨੂੰ ਡੈਂਗੂ ਹੋਣ ਦੀਆਂ ਸੰਭਾਨਾਵਾਂ ਹੋ ਸਕਦੀਆਂ ਹਨ।

# ਕੰਗ ਸਾਹਬੂ NRI's ਵੈਲਫੇਅਰ ਸੁਸਾਇਟੀ

## ਅਤੇ ਪਿੰਡ ਵਾਸੀਆਂ ਦੇ ਸਹਿਯੋਗ ਨਾਲ

# ਫਰੀ ਮੈਡੀਕਲ ਕੈਂਪ

ਕੰਗ ਸਾਹਬੂ ਵਿਖੇ ਲਗਾਇਆ ਜਾ ਰਿਹਾ ਹੈ।

ਦਿਨ ਐਤਵਾਰ ਮਿਤੀ 2-11-2025 ਸਮਾਂ ਸਵੇਰੇ 9 ਵਜੇ ਤੋਂ ਸ਼ਾਮ 2-30 ਵਜੇ ਤੱਕ

**Heart Check Up (ECG Test)**

ਹੱਡੀਆਂ ਦੇ ਮਾਹਿਰ ਡਾਕਟਰ ਜੋੜਾਂ ਦੇ ਦਰਦਾਂ ਦੀਆਂ ਦਵਾਈਆਂ ਮੁਫਤ ਦਿਤੀਆਂ ਜਾਣਗੀਆਂ।

ਅੱਖਾਂ ਦੇ ਮਾਹਿਰ ਡਾਕਟਰ ਅੱਖਾਂ ਦੀਆਂ ਬਿਮਾਰੀਆਂ ਦਾ ਚੈਕਅਪ ਕਰਨਗੇ ਅਤੇ ਲੋੜਵੰਦਾਂ ਨੂੰ ਦਵਾਈਆਂ ਦਿੱਤੀਆਂ ਜਾਣਗੀਆਂ

ਆਮ ਬਿਮਾਰੀਆਂ ਅਤੇ ਔਰਤਾਂ ਦੇ ਰੋਗਾਂ ਦੇ ਮਾਹਿਰ ਡਾਕਟਰ ਮਰੀਜ਼ਾਂ ਦਾ ਚੈਕਅਪ ਕਰਨਗੇ

**ਸਥਾਨ : ਸਰਕਾਰੀ ਹਾਈ ਸਕੂਲ ਪਿੰਡ ਕੰਗ ਸਾਹਬੂ, ਤਹਿ. ਨਕੋਦਰ (ਜਲੰਧਰ)**

1. ਔਰਤਾਂ ਅਤੇ ਮਰਦਾਂ ਦੇ ਕੈਂਸਰ ਦੀ ਸਰੀਰਕ ਜਾਂਚ ।
2. ਔਰਤਾਂ ਦੇ ਛਾਤੀ ਦੇ ਕੈਂਸਰ ਦੀ ਜਾਂਚ ਲਈ (ਮੈਮੋਗ੍ਰਾਫੀ) ਟੈਸਟ।
3. ਔਰਤਾਂ ਦੇ ਬੱਚੇਦਾਨੀ ਦੇ ਕੈਂਸਰ ਦੀ ਜਾਂਚ ਲਈ (ਪੈਪ ਸਮਿਅਰ) ਟੈਸਟ।
4. ਮਰਦਾਂ ਦੇ ਗਦੂਦਾਂ ਦੇ ਕੈਂਸਰ ਲਈ ਪੀ.ਐਸ.ਏ.ਟੈਸਟ।
5. ਕੈਂਸਰ ਦੇ ਮਰੀਜਾਂ ਨੂੰ ਇਲਾਜ ਲਈ ਸਹੀ ਸਲਾਹ।
6. ਔਰਤਾਂ ਅਤੇ ਮਰਦਾਂ ਦੀ ਸ਼ੂਗਰ ਤੇ ਬਲੱਡ ਪ੍ਰੈਸ਼ਰ ਟੈਸਟ।
7. ਸ਼ੂਗਰ, ਬਲੱਡ ਪ੍ਰੈਸ਼ਰ ਸਬੰਧੀ ਮੁਫਤ ਦਵਾਈਆਂ।
8. ਆਮ ਬਿਮਾਰੀਆਂ ਸਬੰਧੀ ਡਾਕਟਰ ਮਰੀਜਾ ਦਾ ਚੈਕਅਪ ਕਰਨਗੇ ਅਤੇ ਲੋੜਵੰਦਾਂ ਨੂੰ ਮੁਫਤ ਦਵਾਈਆਂ।
9. ਅੱਖਾਂ ਦੇ ਮਾਹਿਰ ਡਾਕਟਰ ਅੱਖਾਂ ਦੀਆਂ ਬਿਮਾਰੀਆਂ ਦਾ ਚੈਕਅਪ ਕਰਨਗੇ ਅਤੇ ਲੋੜਵੰਦਾਂ ਨੂੰ ਦਵਾਈਆਂ ਅਤੇ ਐਨਕਾਂ ਦਿਤੀਆ ਜਾਣਗੀਆਂ।
10. ਹੱਡੀਆਂ ਦੇ ਮਾਹਿਰ ਡਾਕਟਰ ਮਰੀਜਾ ਦਾ ਚੈਕਅਪ ਕਰਨਗੇ ਅਤੇ ਜੋੜਾਂ ਦੇ ਦਰਦ ਦੀਆ ਦਵਾਈਆਂ ਦੇਣਗੇ।
11. ਔਰਤਾਂ ਦੇ ਰੋਗਾ ਦੇ ਮਾਹਿਰ ਡਾਕਟਰ ਔਰਤਾਂ ਦੀਆ ਬਿਮਾਰੀਆ ਦਾ ਫਰੀ ਚੈੱਕਅਪ ਕਰਨਗੇ ਤੇ ਮੁਫਤ ਦਵਾਈਆਂ ਦਿੱਤੀਆ ਜਾਣਗੀਆਂ।

ਨੋਟ : ਇਹ ਕੈਂਪ ਔਰਤਾਂ ਲਈ ਸਪੈਸ਼ਲ ਹੈ। ਸੋ ਸਾਰੀਆਂ ਔਰਤਾਂ ਚੈਕਅਪ ਜ਼ਰੂਰ ਕਰਵਾਉਣ

★ ਵਧੇਰੇ ਜਾਣਕਾਰੀ ਲਈ ਸੰਪਰਕ ਕਰੋ ★

**Mob. : 94630-27634, 98151-89612**

## ਇੱਕ ਨਜ਼ਰ ...




# ਕ੍ਰਿਸ਼ੀ ਵਿਗਿਆਨ ਕੇਂਦਰ, ਸੰਗਰੂਰ ਵੱਲੋਂ ਪਰਾਲੀ ਪ੍ਰਬੰਧਨ ਸਬੰਧੀ ਜਾਗਰੂਕਤਾ ਕੈਂਪ ਦਾ ਆਯੋਜਨ

ਸੰਗਰੂਰ, 31 ਅਕਤੂਬਰ ( ਰਣਜੀਤ ਸਿੰਘ ਪੇਧਨੀ) ਨਿਰਦੇਸ਼ਕ ਪਸਾਰ ਸਿੱਖਿਆ, ਪੰਜਾਬ ਖੇਤੀਬਾੜੀ ਯੂਨੀਵਰਸਿਟੀ (ਪੀਏਯੂ) ਦੇ ਦਿਸ਼ਾ-ਨਿਰਦੇਸ਼ਾਂ ਅਧੀਨ ਅਤੇ ਡਾ. ਮਨਦੀਪ ਸਿੰਘ, ਇੰਚਾਰਜ, ਕ੍ਰਿਸ਼ੀ ਵਿਗਿਆਨ ਕੇਂਦਰ, ਖੇੜੀ ਦੀ ਯੋਗ ਅਗਵਾਈ ਹੇਠ ਕ੍ਰਿਸ਼ੀ ਵਿਗਿਆਨ ਕੇਂਦਰ, ਸੰਗਰੂਰ ਵੱਲੋਂ ਸੀ.ਆਰ.ਐਮ. ਸਕੀਮ 2025-26 ਤਹਿਤ ਬਲਾਕ ਸੰਗਰੂਰ ਦੇ ਪਿੰਡ ਈਲਵਾਲ ਵਿਖੇ ਝੋਨੇ ਦੀ ਪਰਾਲੀ ਦੀ ਸਾਂਭ-ਸੰਭਾਲ ਅਤੇ ਹਾੜ੍ਹੀ ਦੀਆਂ ਫਸਲਾਂ ਦੀਆਂ ਸੁਧਰੀਆਂ ਕਾਸ਼ਤਕਾਰੀ ਤਕਨੀਕਾਂ ਸਬੰਧੀ ਇੱਕ ਪਿੰਡ ਪੱਧਰੀ ਕੈਂਪ ਦਾ ਆਯੋਜਨ ਕੀਤਾ ਗਿਆ। ਜਿਸ ਵਿੱਚ ਲਗਭਗ 45 ਕਿਸਾਨਾਂ ਨੇ ਭਾਗ ਲਿਆ। ਇਸ ਕੈਂਪ ਦੌਰਾਨ ਡਾ. ਮਨਦੀਪ ਸਿੰਘ, ਇੰਚਾਰਜ, ਕ੍ਰਿਸ਼ੀ ਵਿਗਿਆਨ ਕੇਂਦਰ, ਸੰਗਰੂਰ ਨੇ ਕਿਸਾਨਾਂ ਨੂੰ ਝੋਨੇ ਦੀ ਕਟਾਈ ਤੋਂ ਬਾਅਦ ਪਰਾਲੀ ਨੂੰ ਅੱਗ ਲਗਾਏ ਬਗੈਰ ਕਣਕ ਅਤੇ ਹਾੜ੍ਹੀ ਦੀਆਂ ਹੋਰ ਫ਼ਸਲਾਂ ਬੀਜਣ ਲਈ ਪ੍ਰੇਰਿਤ ਕੀਤਾ। ਉਹਨਾਂ ਨੇ ਕਿਸਾਨਾਂ ਨੂੰ ਪਰਾਲੀ ਨੂੰ ਖੇਤ ਵਿਚ ਸਾਂਭਣ ਦੇ ਫਾਇਦਿਆਂ ਬਾਰੇ ਵੀ ਵਿਸਥਾਰ ਵਿੱਚ ਦੱਸਿਆ। ਉਹਨਾਂ ਦੱਸਿਆ ਕਿ ਇੱਕ ਟਨ ਪਰਾਲੀ ਨੂੰ ਅੱਗ ਲਾਉਣ ਨਾਲ 400 ਕਿਲੋ ਜੈਵਿਕ ਮਾਦਾ, 5.5 ਕਿਲੋ ਨਾਈਟ੍ਰੋਜਨ, 2.5 ਕਿਲੋ ਫਾਸਫੋਰਸ, 25 ਕਿਲੋ ਪੋਟਾਸ਼ ਅਤੇ 1.2 ਕਿਲੋ ਸਲਫ਼ਰ ਤੱਤ ਨਸ਼ਟ ਹੋ ਜਾਂਦੇ ਹਨ। ਇਸ ਤੋਂ ਇਲਾਵਾ ਪਰਾਲੀ ਨੂੰ ਅੱਗ ਲਾਉਣ ਨਾਲ ਜ਼ਹਿਰੀਲਾ ਧੂੰਆਂ ਪੈਦਾ ਹੁੰਦਾ ਹੈ ਜੋ ਹਵਾ ਪ੍ਰਦੂਸ਼ਣ ਨੇ ਨਾਲ- ਨਾਲ ਮਨੁੱਖਾਂ ਅਤੇ ਪਸ਼ੂਆਂ ਲਈ ਕਈ ਬਿਮਾਰੀਆਂ ਦਾ ਕਾਰਣ ਵੀ ਬਣਦਾ ਹੈ। ਇਸ ਤੋਂ ਇਲਾਵਾ ਉਨ੍ਹਾਂ ਕ੍ਰਿਸ਼ੀ ਵਿਗਿਆਨ ਕੇਂਦਰ ਵੱਲੋਂ ਪ੍ਰਦਾਨ ਕੀਤੀਆਂ ਜਾ ਰਹੀਆਂ ਸੇਵਾਵਾਂ ਅਤੇ ਕਣਕ ਦੀਆਂ ਵੱਧ ਉਪਜ ਅਤੇ ਵੱਧ ਗੁਣਵੱਤਾ ਵਾਲੀਆਂ ਕਿਸਮਾਂ ਬਾਰੇ ਵੀ ਜਾਣਕਾਰੀ ਦਿੱਤੀ। ਇਸ ਦੇ ਨਾਲ ਹੀ ਉਹਨਾਂ ਕਣਕ ਦੇ ਬੀਜ ਦੀ ਸੋਧ ਬਾਰੇ ਵੀ ਜਾਣਕਾਰੀ ਦਿੱਤੀ। ਡਾ. ਸੁਨੀਲ ਕੁਮਾਰ, ਸਹਾਇਕ ਪ੍ਰੋਫੈਸਰ (ਫਾਰਮ ਮਸ਼ੀਨਰੀ) ਨੇ ਕਿਸਾਨਾਂ ਨੂੰ ਪਰਾਲੀ ਦੀ ਸੰਭਾਲ ਲਈ ਉਪਲਬਧ ਖੇਤੀ ਮਸ਼ੀਨਰੀ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਉਨ੍ਹਾਂ ਨੇ ਮਸ਼ੀਨਾਂ ਦੀ ਵਰਤੋਂ ਸਮੇਂ ਆਉਣ ਵਾਲੀਆਂ ਮੁਸ਼ਕਲਾਂ ਅਤੇ ਉਨ੍ਹਾਂ ਦੇ ਵਿਗਿਆਨਕ ਹੱਲ ਬਾਰੇ ਵੀ ਜਾਣਕਾਰੀ ਸਾਂਝੀ ਕੀਤੀ। ਡਾ ਰਵਿੰਦਰ ਕੌਰ, ਸਹਾਇਕ ਪ੍ਰੋਫੈਸਰ ਬਾਗਬਾਨੀ ਨੂੰ ਘਰੇਲੂ ਸਬਜ਼ੀ ਬਗੀਚੀ ਤੋਂ ਇਲਾਵਾ ਮਟਰ, ਪਿਆਜ਼ ਅਤੇ ਹਰੀ ਮਿਰਚ ਦੀ ਨਵੀਂ ਕਿਸਮ ਸੀ ਐਚ 52 ਬਾਰੇ ਜਾਣਕਾਰੀ ਦਿੱਤੀ। ਉਹਨਾਂ ਕਿਸਾਨਾਂ ਨੂੰ ਫ਼ਸਲੀ ਵਿਭਿੰਨਤਾ ਲਈ ਸਬਜ਼ੀਆਂ ਦੀ ਕਾਸ਼ਤ ਕਰਨ ਲਈ ਵੀ ਪ੍ਰੇਰਿਤ ਕੀਤਾ। ਪ੍ਰੋਗਰਾਮ ਦੇ ਅੰਤ ਵਿੱਚ ਕਿਸਾਨਾਂ ਨੂੰ ਪੀਏਯੂ ਵੱਲੋਂ ਤਿਆਰ ਕੀਤੀਆਂ ਸਰਦੀ ਰੁੱਤ ਦੀਆਂ ਸਬਜ਼ੀਆਂ ਦੇ ਬੀਜਾਂ ਦੀਆਂ ਕਿੱਟਾਂ, ਸਰ੍ਹੋਂ ਦੇ ਬੀਜਾਂ ਦੀਆਂ ਕਿੱਟਾਂ ਅਤੇ ਖੇਤੀਬਾੜੀ ਸਾਹਿਤ ਵੰਡਿਆ ਗਿਆ। ਇਸ ਜਾਗਰੂਕਤਾ ਕੈਂਪ ਨੂੰ ਸਫਲ ਬਣਾਉਣ ਲਈ ਸ ਅਵਤਾਰ ਸਿੰਘ ਅਤੇ ਸ ਜਗਤਾਰ ਸਿੰਘ ਨੇ ਖੂਬ ਮਿਹਨਤ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

# ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਸਮਾਗਮਾਂ ਸਬੰਧੀ ਅੰਮ੍ਰਿਤਸਰ ਵਿੱਚ 20 ਨਵੰਬਰ ਨੂੰ ਪਹੁੰਚੇਗਾ ਨਗਰ ਕੀਰਤਨ

## ਡਿਪਟੀ ਕਮਿਸ਼ਨਰ ਨੇ ਸਮਾਗਮਾਂ ਦੀਆਂ ਤਿਆਰੀਆਂ ਸਬੰਧੀ ਕਾਰ ਸੇਵਾ ਵਾਲੇ ਮਹਾਂਪੁਰਖਾਂ ਤੇ ਅਧਿਕਾਰੀਆਂ ਨਾਲ ਕੀਤੀ ਮੀਟਿੰਗ




ਜੰਡਿਆਲਾ ਗੁਰੂ , 31 ਅਕਤੂਬਰ ( ਕੁਲਵੰਤ ਸਿੰਘ ਵਿਰਦੀ ) ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਸਮਾਗਮਾਂ ਸਬੰਧੀ ਪੰਜਾਬ ਸਰਕਾਰ ਵੱਲੋਂ ਕਰਵਾਏ ਜਾ ਰਹੇ ਸਮਾਗਮਾਂ ਦੀ ਲੜੀ ਤਹਿਤ ਗੁਰਦਾਸਪੁਰ ਤੋਂ ਚੱਲ ਕੇ ਨਗਰ ਕੀਰਤਨ 20 ਨਵੰਬਰ ਨੂੰ ਅੰਮ੍ਰਿਤਸਰ ਵਿੱਚ ਪਹੁੰਚੇਗਾ। ਇਹ ਜਾਣਕਾਰੀ ਦਿੰਦੇ ਹੋਏ ਡਿਪਟੀ ਕਮਿਸ਼ਨਰ ਸ੍ਰੀ ਦਲਵਿੰਦਰਜੀਤ ਸਿੰਘ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਸ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਗੁਰੂ ਸਾਹਿਬ ਜੀ ਦੇ ਸ਼ਤਾਬਦੀ ਸਮਾਗਮਾਂ ਦੇ ਸਬੰਧ ਵਿੱਚ ਨਗਰ ਕੀਰਤਨ, ਵੱਡੇ ਕੀਰਤਨ ਸਮਾਗਮ, ਲਾਈਟ ਐਂਡ ਸਾਊਂਡ ਸ਼ੋ ਅਤੇ ਗੁਰੂ ਸਾਹਿਬ ਜੀ ਦੇ ਚਰਨ ਛੋਹ ਪ੍ਰਾਪਤ ਸਥਾਨਾਂ ਉੱਤੇ ਕੀਰਤਨ ਸਮਾਗਮ ਕਰਵਾਉਣ ਦਾ ਪ੍ਰੋਗਰਾਮ ਉਲੀਕਿਆ ਗਿਆ ਹੈ। ਉਹਨਾਂ ਦੱਸਿਆ ਕਿ ਇਸ ਕੜੀ ਤਹਿਤ ਮਾਝਾ ਜੋਨ ਦਾ ਨਗਰ ਕੀਰਤਨ 20 ਨਵੰਬਰ ਨੂੰ ਗੁਰਦਾਸਪੁਰ ਤੋਂ ਚੱਲ ਕੇ ਮਹਿਤਾ ਚੌਂਕ ਰਸਤੇ ਅੰਮ੍ਰਿਤਸਰ ਜ਼ਲ੍ਹਿੇ ਵਿੱਚ ਦਾਖਲ ਹੋਵੇਗਾ, ਜਿੱਥੇ ਪੁਲਿਸ ਵੱਲੋਂ ਗਾਰਡ ਆਫ ਆਨਰ ਦਿੱਤਾ ਜਾਵੇਗਾ। ਉਨਾਂ ਦੱਸਿਆ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਅਗਵਾਈ ਹੇਠ ਸਜਾਏ ਰਹੇ ਜਾ ਰਹੇ ਇਸ ਨਗਰ ਕੀਰਤਨ ਵਿੱਚ ਸਮੁੱਚਾ ਪ੍ਰਬੰਧ ਕਾਰ ਸੇਵਾ ਵਾਲੇ ਬਾਬਾ ਕਸ਼ਮੀਰ ਸਿੰਘ ਜੀ ਭੂਰੀ ਵਾਲੇ ਕਰਨਗੇ ਅਤੇ ਉਹਨਾਂ ਦਾ ਸਾਥ ਹੋਰ ਸੰਪਰਦਾਵਾਂ ਦੇਣਗੀਆਂ। ਉਹਨਾਂ ਕਿਹਾ ਕਿ ਸਮੁੱਚਾ ਪ੍ਰਸ਼ਾਸਨ ਅਤੇ ਪੁਲਿਸ ਇਸ ਮੌਕੇ ਬਤੌਰ ਸੇਵਕ ਨਗਰ ਕੀਰਤਨ ਦੀ ਸੇਵਾ ਵਿੱਚ ਹਾਜ਼ਰ ਰਹੇਗਾ। ਨਗਰ ਕੀਰਤਨ ਦੇ ਰੂਟ ਦੀ ਗੱਲ ਕਰਦੇ ਹੋਏ ਉਹਨਾਂ ਨੇ ਦੱਸਿਆ ਕਿ ਮਹਿਤੇ ਤੋਂ ਚੱਲ ਕੇ ਬਾਬਾ ਬਕਾਲਾ ਸਾਹਿਬ ਵਿਖੇ ਪਹਿਲਾ ਪੜਾਅ ਹੋਵੇਗਾ, ਜਿੱਥੋਂ ਰਈਆ, ਜੰਡਿਆਲਾ ਗੁਰੂ, ਗੋਲਡਨ ਗੇਟ, ਗੁਰੂ ਨਾਨਕ ਭਵਨ ਤੋਂ ਹੁੰਦਾ ਘਿਓ ਮੰਡੀ ਰਸਤੇ ਸ਼੍ਰੀ ਦਰਬਾਰ ਸਾਹਿਬ ਨਗਰ ਕੀਰਤਨ ਪਹੁੰਚੇਗਾ ਅਤੇ ਉੱਥੇ ਨਤਮਸਤਕ ਹੋਣ ਉਪਰੰਤ ਰਾਤ ਦਾ ਵਿਸ਼ਰਾਮ ਡੇਰਾ ਬਾਬਾ ਭੂਰੀਵਾਲਾ ਵਿਖੇ ਕੀਤਾ ਜਾਵੇਗਾ। ਉਹਨਾਂ ਦੱਸਿਆ ਕਿ 21 ਨਵੰਬਰ ਨੂੰ ਸਵੇਰੇ ਨਗਰ ਕੀਰਤਨ ਡੇਰਾ ਬਾਬਾ ਭੂਰੀ ਵਾਲਿਆਂ ਤੋਂ ਚੱਲ ਕੇ ਗੁਰਦੁਆਰਾ ਸ਼ਹੀਦ ਗੰਜ ਸਾਹਿਬ ਤੋਂ ਘਿਉ ਮੰਡੀ ਚੌਂਕ, ਬੱਸ ਸਟੈਂਡ ਅੰਮ੍ਰਿਤਸਰ, ਹਾਲ ਗੇਟ ਅੰਮ੍ਰਿਤਸਰ, ਲੋਹਗੜ੍ਹ ਗੇਟ ਅਤੇ ਲਾਹੌਰੀ ਗੇਟ ਤੋਂ ਹੁੰਦਾ ਗੁਰਦੁਆਰਾ ਬੀੜ ਬਾਬਾ ਬੁੱਢਾ ਸਾਹਿਬ ਰਸਤੇ ਤਰਨ ਤਰਨ ਵਿੱਚ ਦਾਖਲ ਹੋਵੇਗਾ, ਜਿੱਥੋਂ ਨਗਰ ਕੀਰਤਨ ਅਗਲੇ ਪੜਾਅ ਲਈ ਚਾਲੇ ਪਾਵੇਗਾ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ 11 ਨਵੰਬਰ ਨੂੰ ਦੁਸ਼ਹਿਰਾ ਗਰਾਊਂਡ ਰਣਜੀਤ ਐਵਨਿਊ ਡੀ ਬਲਾਕ ਵਿਖੇ ਲਾਈਟ ਐਂਡ ਸਾਊਂਡ ਸ਼ੋ ਕਰਵਾਇਆ ਜਾਵੇਗਾ। ਇਸੇ ਤਰ੍ਹਾਂ ਦੋ ਵੱਡੇ ਕੀਰਤਨ ਸਮਾਗਮ ਹੋਣਗੇ, ਜਿੰਨਾਂ ਵਿੱਚ 14 ਨਵੰਬਰ ਨੂੰ ਦੁਸ਼ਹਿਰਾ ਗਰਾਉਂਡ ਰਣਜੀਤ ਐਵਨਿਊ ਵਿਖੇ ਅਤੇ 16 ਨਵੰਬਰ ਨੂੰ ਆਈਟੀਆਈ ਬਾਬਾ ਬਕਾਲਾ ਸਾਹਿਬ ਵਿਖੇ ਕੀਰਤਨ ਸਮਾਗਮ ਕਰਵਾਇਆ ਜਾਵੇਗਾ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਗੁਰੂ ਸਾਹਿਬ ਜੀ ਦੇ ਚਰਨ ਛੋਹ ਪ੍ਰਾਪਤ ਸਥਾਨਾਂ ਜਿਨਾਂ ਵਿੱਚ ਕੂਕੇਵਾਲੀ ਸਠਿਆਲਾ ਬਾਬਾ ਬਕਾਲਾ ਸਾਹਿਬ ਗੁਰੂ ਕੇ ਮਹਿਲ ਵੱਲਾ ਕਾਲੇ ਕੇ ਅਤੇ ਵਜ਼ੀਰ ਭੁੱਲਰ ਵਿਖੇ ਵੀ ਸਮਾਗਮ ਕਰਵਾਏ ਜਾਣਗੇ ਉਹਨਾਂ ਨੇ ਸਮਾਗਮ ਦੀਆਂ ਤਿਆਰੀਆਂ ਲਈ ਕੀਤੇ ਗਏ ਪ੍ਰਬੰਧਾਂ ਦਾ ਜਾਇਜ਼ਾ ਲਿਆ ਇਸ ਮੌਕੇ ਕਾਰ ਸੇਵਾ ਵਾਲੇ ਮਹਾਂਪੁਰਖਾਂ ਵੱਲੋਂ ਜਰੂਰੀ ਪ੍ਰਬੰਧਾਂ ਸਬੰਧੀ ਹਦਾਇਤਾਂ ਦਿੱਤੀਆਂ ਗਈਆਂ ਮੀਟਿੰਗ ਵਿੱਚ ਨਗਰ ਨਿਗਮ ਕਮਿਸ਼ਨਰ ਸ੍ਰੀ ਬਿਕਰਮਜੀਤ ਸਿੰਘ, ਡੀਸੀਪੀ ਸਰਦਾਰ ਜਗਜੀਤ ਸਿੰਘ ਵਾਲੀਆ ਅਤੇ ਹੋਰ ਅਧਿਕਾਰੀ ਵੀ ਹਾਜ਼ਰ ਸਨ।

# ਗੁਰੂ ਕਾਸ਼ੀ ਯੂਨੀਵਰਸਿਟੀ ਬਣੀ ਆਲ ਇੰਡੀਆ ਇੰਟਰ ਯੂਨੀਵਰਸਿਟੀ ਤੀਰਅੰਦਾਜ਼ੀ ਚੈਂਪੀਅਨ 2025-26

## ਗੁਰੂ ਕਾਸ਼ੀ ਯੂਨੀਵਰਸਿਟੀ ਨੇ ਮੁੜ ਜਿੱਤਿਆ ਆਲ ਇੰਡੀਆ ਇੰਟਰ ਯੂਨੀਵਰਸਿਟੀ ਤੀਰਅੰਦਾਜ਼ੀ ਦਾ ਤਾਜ





ਤਲਵੰਡੀ ਸਾਬੋ, 31ਅਕਤੂਬਰ (ਗੁਰਜੰਟ ਨਥੇਹਾ)- ਜੀ.ਕੇ.ਯੂ. ਵਿਖੇ ਪਿਛਲੇ ਅੱਠ ਦਿਨਾਂ ਤੋਂ ਚੱਲ ਰਹੀ ਆਲ ਇੰਡੀਆ ਇੰਟਰ ਯੂਨੀਵਰਸਿਟੀ ਤੀਰਅੰਦਾਜ਼ੀ (ਲੜਕੇ ਅਤੇ ਲੜਕੀਆਂ) 2025-26 ਦੀ ਓਵਰ ਆਲ ਟਰਾਫੀ ਮੇਜ਼ਬਾਨ ਗੁਰੂ ਕਾਸ਼ੀ ਯੂਨੀਵਰਸਿਟੀ ਨੇ 5 ਸੋਨ, 5 ਚਾਂਦੀ ਤੇ 4 ਕਾਂਸੀ ਦੇ ਤਗਮਿਆਂ ਨਾਲ ਜਿੱਤੀ, ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਫਗਵਾੜਾ 10 ਤਗਮਿਆਂ ਨਾਲ ਰਨਰ ਅੱਪ ਤੇ ਪੰਜਾਬੀ ਯੂਨੀਵਰਸਿਟੀ ਪਟਿਆਲਾ 9 ਤਗਮਿਆਂ ਨਾਲ ਸੈਕੰਡ ਰਨਰ ਅੱਪ ਰਹੀ। ਇਸ ਮੌਕੇ ਇਨਾਮ ਵੰਡ ਸਮਾਰੋਹ ਵਿੱਚ ਮੁੱਖ ਮਹਿਮਾਨ ਪ੍ਰੋ.(ਡਾ.) ਰਾਮੇਸ਼ਵਰ ਸਿੰਘ ਵਾਈਸ ਚਾਂਸਲਰ ਨੇ ਇਨਾਮ ਤਕਸੀਮ ਕੀਤੇ। ਇਸ ਮੌਕੇ ਪ੍ਰੋ.(ਡਾ.) ਜਗਤਾਰ ਸਿੰਘ ਧੀਮਾਨ ਪਰੋ-ਵਾਈਸ ਚਾਂਸਲਰ, ਡਾ. ਜਾਵੇਦ ਅਹਿਮਦ ਖਾਨ ਡੀਨ ਅਕਾਦਮਿਕ, ਏ.ਆਈ.ਯੂ.ਅਬਸਰਵਰ ਰਵਿੰਦਰ ਕੁਮਾਰ ਬਾਲੀ ਪ੍ਰਧਾਨ ਪੰਜਾਬ ਤੀਰਅੰਦਾਜ਼ੀ ਐਸੋਸਿਏਸ਼ਨ, ਦੇਸ ਰਾਜ ਕੰਬੋਜ਼ ਨਿਰਦੇਸ਼ਕ ਸੁਰੱਖਿਆ, ਆਲ ਇੰਡੀਆ ਤੀਰਅੰਦਾਜ਼ੀ ਐਸੋਸਿਏਸ਼ਨ ਦੇ ਅਧਿਕਾਰੀ, ਵੱਖ-ਵੱਖ ਵਿਭਾਗਾਂ ਦੇ ਡੀਨ, ਫੈਕਲਟੀ ਮੈਂਬਰ, ਪਤਵੰਤੇ ਤੇ ਵੱਖ-ਵੱਖ ਪ੍ਰਦੇਸ਼ਾਂ ਦੇ ਖਿਡਾਰੀ ਤੇ ਮਹਿਮਾਨ ਵੀ ਹਾਜ਼ਰ ਹੋਏ। ਜੀ.ਕੇ.ਯੂ. ਦੇ ਚੈਂਪੀਅਨ ਬਣਨ ਤੇ ਚਾਂਸਲਰ ਸ. ਗੁਰਲਾਭ ਸੰਘ ਸਿੱਧੂ ਨੇ ਆਪਣੇ ਵਧਾਈ ਸਦੇਸ਼ ਵਿੱਚ ਇਸ ਨੂੰ ਮਾਲਵਾ ਖੇਤਰ ਦੀ ਵੱਡੀ ਪ੍ਰਾਪਤੀ ਦੱਸਿਆ ਤੇ ਕਿਹਾ ਕਿ ਇਸ ਪ੍ਰਾਪਤੀ ਨੇ ਉੱਭਰ ਰਹੇ ਤੀਰਅੰਦਾਜ਼ਾਂ ਲਈ ਨਵੇਂ ਰਸਤੇ ਖੋਲ੍ਹੇ ਹਨ। ਉਨ੍ਹਾਂ ਮੇਜ਼ਬਾਨ ਟੀਮ ਦੇ ਖਿਡਾਰੀਆਂ ਨੂੰ ਦੇਸ਼ ਦਾ ਭਵਿੱਖ ਦੱਸਿਆ। ਉਨ੍ਹਾਂ ਇਸ ਗੱਲ ਤੇ ਤਸੱਲੀ ਪ੍ਰਗਟਾਈ ਕਿ ਜੀ.ਕੇ.ਯੂ. ਨੇ ਵਿਸ਼ਵ ਪੱਧਰੀ ਸੁਵਿਧਾਵਾਂ ਰਾਹੀਂ ਰਾਸ਼ਟਰੀ ਪੱਧਰ ਤੇ ਨਾਮਣੇ ਖੱਟਿਆ ਹੈ। ਇਨਾਮ ਵੰਡ ਸਮਾਰੋਹ ਵਿੱਚ ਮੁੱਖ ਮਹਿਮਾਨ ਡਾ. ਸਿੰਘ ਨੇ ਕਿਹਾ ਕਿ ਖਿਡਾਰੀਆਂ ਨੂੰ ਹਮੇਸ਼ਾ ਸਿੱਖਣ ਦੀ ਲਾਲਸਾ ਕਾਇਮ ਰੱਖਣੀ ਚਾਹੀਦੀ ਹੈ, ਕਿਉਂਕਿ ਇਨਸਾਨ ਸਾਰੀ ਉਮਰ ਕੁਝ ਨਾ ਕੁਝ ਸਿੱਖਦਾ ਰਹਿੰਦਾ ਹੈ। ਉਨ੍ਹਾਂ ਤਗਮਾ ਜੇਤੂਆਂ ਨੂੰ ਵਧਾਈ ਦਿੱਤੀ ਤੇ ਖਿਡਾਰੀਆਂ ਨੂੰ ਹੋਰ ਜ਼ਿਆਦਾ ਮਿਹਨਤ ਅਤੇ ਯਤਨ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਅਜਿਹੇ ਆਯੋਜਨਾਂ ਵਿੱਚ ਖਿਡਾਰੀ ਜਾਂ ਤਾਂ ਜਿੱਤਦੇ ਹਨ ਜਾਂ ਜਿੱਤਣ ਲਈ ਤਜ਼ੁਰਬਾ ਹਾਸਿਲ ਕਰਦੇ ਹਨ ਪਰ ਹਾਰਦਾ ਕੋਈ ਨਹੀਂ। ਏ.ਆਈ.ਯੂ.ਅਬਸਰਵਰ ਬਾਲੀ ਨੇ ਚੈਂਪੀਅਨਸ਼ਿਪ ਦੀ ਸਮੇਂ ਬੱਧ, ਯੋਜਨਾਬੱਧ, ਨਿਰਪੱਖ ਅਤੇ ਸਫਲ ਆਯੋਜਨ ਲਈ ਵਰਸਿਟੀ ਪ੍ਰਬੰਧਕਾਂ, ਡਾਇਰੈਕਟਰ ਆਫ਼ ਸਪੋਰਟਸ ਅਤੇ ਸਮੂਹ ਅਧਿਕਾਰੀਆਂ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਮੇਜ਼ਬਾਨ ਵਰਸਿਟੀ ਨੇ ਸ਼ਾਨਦਾਰ ਆਯੋਜਨ ਨਾਲ ਮਿਸਾਲ ਕਾਇਮ ਕੀਤੀ ਹੈ। ਇਸ ਮੌਕੇ ਆਪਣੇ ਧੰਨਵਾਦੀ ਭਾਸ਼ਣ ਵਿੱਚ ਡਾ. ਧੀਮਾਨ ਪਰੋ-ਵਾਈਸ ਚਾਂਸਲਰ ਨੇ ਖਿਡਾਰੀਆਂ ਨੂੰ ਆਪਣੇ ਇਰਾਦੇ ਮਜ਼ਬੂਤ ਕਰਨ ਅਤੇ ਆਪਣੇ ਟੀਚੇ ਹੋਰ ਉੱਚੇ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਜੇਕਰ ਖਿਡਾਰੀ ਪੱਕਾ ਇਰਾਦਾ ਕਰ ਲਵੇ ਤਾਂ ਦੁਨੀਆ ਦੀ ਕੋਈ ਮੰਜ਼ਿਲ ਅਜਿਹੀ ਨਹੀਂ ਜੋ ਖਿਡਾਰੀ ਫਤਿਹ ਨਾ ਕਰ ਸਕਦਾ ਹੋਵੇ। ਉਨ੍ਹਾਂ ਕਿਹਾ ਕਿ ਚੈਂਪੀਅਨਸ਼ਿਪ ਵਿੱਚ ਪਦਮ ਸ਼੍ਰੀ ਜੇਤੂ, ਦਰੋਣਾਚਾਰਿਆ ਅਵਾਰਡੀਆਂ, ਅਰਜੁਣ ਅਵਾਰਡੀਆਂ ਤੇ ਓਲੰਪੀਅਨ ਖਿਡਾਰੀਆਂ ਦਾ ਭਾਗ ਲੈਣਾ ਇੱਕ ਮਾਣਮੱਤੀ ਪ੍ਰਾਪਤੀ ਹੈ। ਡਾ. ਰਾਜ ਕੁਮਾਰ ਸ਼ਰਮਾ, ਨਿਰਦੇਸ਼ਕ ਖੇਡਾਂ ਅਨੁਸਾਰ ਖੇਡ ਨਤੀਜੇ ਇਸ ਤਰ੍ਹਾਂ ਰਹੇ- ਟੀਮ ਇੰਡੀਅਨ ਰਾਉਂਡ ਵੂਮੈਨ ਦਾ ਖਿਤਾਬ ਡੀ.ਏ.ਵੀ. ਯੂਨੀਵਰਸਿਟੀ ਜਲੰਧਰ ਨੇ ਸੋਨ, ਸ਼੍ਰੀ ਗੋਬਿੰਦ ਗੁਰੂ ਯੂਨੀਵਰਸਿਟੀ ਗੁਜਰਾਤ ਨੇ ਚਾਂਦੀ ਤੇ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਫਗਵਾੜਾ ਨੇ ਕਾਂਸੀ ਦਾ ਤਗਮਾ ਜਿੱਤਿਆ। ਇੰਡੀਅਨ ਰਾਉਂਡ ਮੈਨ ਦਾ ਸੋਨ ਤਗਮਾ ਮਾਂ ਸ਼ਾਕੁੰਬਰੀ ਯੂਨੀਵਰਸਿਟੀ ਸਹਾਰਨਪੁਰ, ਚਾਂਦੀ ਦਾ ਤਗਮਾ ਬੋਡੋਲੈਂਡ ਯੂਨੀਵਰਸਿਟੀ ਆਸਾਮ ਤੇ ਕਾਂਸੀ ਦਾ ਤਗਮਾ ਚੌਧਰੀ ਚਰਨ ਸਿੰਘ ਯੂਨੀਵਰਸਿਟੀ ਮੇਰਠ ਦੇ ਹਿੱਸੇ ਆਇਆ। ਸਾਵਿਤਰੀਬਾਈ ਫੁੱਲੇ ਯੂਨੀਵਰਸਿਟੀ ਨੇ ਇੰਡੀਅਨ ਰਾਉਂਡ ਮਿਕਸਡ ਟੀਮ ਦਾ ਸੋਨ, ਮਨੀਪੁਰ ਯੂਨੀਵਰਸਿਟੀ ਚਾਂਦੀ ਅਤੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਕਾਂਸੀ ਦਾ ਤਗਮਾ ਜਿੱਤਣ ਵਿੱਚ ਸਫਲ ਰਹੀ। ਆਯੋਜਕਾਂ ਵੱਲੋਂ ਏ.ਆਈ.ਯੂ. ਦੇ ਅਧਿਕਾਰੀਆਂ, ਵੱਖ-ਵੱਖ ਟੀਮਾਂ ਦੇ ਮੈਨੇਜ਼ਰ ਅਤੇ ਕੋਚਾਂ ਨੂੰ ਯਾਦਾਸ਼ਤ ਚਿੰਨ੍ਹ ਨਾਲ ਸਨਮਾਨਿਤ ਕੀਤਾ ਗਿਆ। ਮੁੱਖ ਮਹਿਮਾਨ ਨੇ ਜੋਸ਼ ਅਤੇ ਖੁਸ਼ੀਆਂ ਭਰੇ ਮਾਹੌਲ ਵਿੱਚ ਚੈਂਪੀਅਨਸ਼ਿੱਪ ਦੀ ਸੰਪੂਰਨਤਾ ਦਾ ਐਲਾਨ ਕੀਤਾ, ਫੇਰ ਨਵੇਂ ਇਰਾਦੇ, ਨਵੀਆਂ ਉਮੰਗਾਂ, ਨਵੀਆਂ ਉਮੀਦਾਂ ਨਾਲ ਚੈਂਪੀਅਨਸ਼ਿਪ ਸਮਾਪਤ ਹੋਈ।

ਆਵਾਜ਼ਿ ਕੌਮ AWAZE QAUM International Newspaper & WEB TV

# ਜ਼ਿਲ੍ਹਾ ਸੰਗਰੂਰ ਵਿੱਚ ਪਰਾਲੀ ਪ੍ਰਬੰਧਨ ਲਈ ਮਸ਼ੀਨਰੀ ਦੀ ਕੋਈ ਘਾਟ ਨਹੀਂ, ਕਿਸਾਨ ਵੱਧ ਤੋਂ ਵੱਧ ਲਾਹਾ ਲੈਣ: ਡਿਪਟੀ ਕਮਿਸ਼ਨਰ



ਸੰਗਰੂਰ, 31 ਅਕਤੂਬਰ ( ਰਣਜੀਤ ਸਿੰਘ ਪੇਧਨੀ)- ਫਸਲੀ ਰਹਿੰਦ-ਖੂੰਹਦ ਦੇ ਉਚਿੱਤ ਪ੍ਰਬੰਧਨ ਲਈ ਕਿਸਾਨਾਂ ਨੂੰ ਆਧੁਨਿਕ ਤਕਨਾਲੋਜੀ ਨਾਲ ਲੈਸ ਕਰਨ ਵਾਸਤੇ ਪੰਜਾਬ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਨੇ ਸਬਸਿਡੀ ਵਾਲੀਆਂ ਮਸ਼ੀਨਾਂ ਕਿਸਾਨਾਂ, ਕਸਟਮ ਹਾਈਰਿੰਗ ਸੈਂਟਰਾਂ (ਸੀ.ਐਚ.ਸੀਜ਼), ਕੋਆਪ੍ਰੇਟਿਵ ਸੋਸਾਇਟੀਆਂ ਤੇ ਗ੍ਰਾਮ ਪੰਚਾਇਤਾਂ ਨੂੰ ਮੁਹੱਈਆ ਕਰਵਾਈਆਂ ਹਨ ਤਾਂ ਕਿ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਦੇ ਨਿਪਟਾਰੇ ਵਿੱਚ ਕਿਸੇ ਵੀ ਤਰ੍ਹਾਂ ਦੀ ਮੁਸ਼ਕਿਲ ਪੇਸ਼ ਨਾ ਆਵੇ ਅਤੇ ਉਹ ਬਗੈਰ ਪ੍ਰਦੂਸ਼ਣ ਤੋਂ ਵਾਤਾਵਰਨ ਪੱਖੀ ਖੇਤੀਬਾੜੀ ਕਰ ਸਕਣ। ਇਹਨਾਂ ਆਧੁਨਿਕ ਮਸ਼ੀਨਾਂ ਦੀ ਵਰਤੋਂ ਨਾਲ ਪਰਾਲੀ ਨੂੰ ਸਾੜਨ ਦੀ ਜ਼ਰੂਰਤ ਨਹੀਂ ਰਹਿੰਦੀ ਅਤੇ ਅਗਲੀ ਫਸਲ ਦੀ ਬਿਜਾਈ ਸੌਖਾਲੇ ਅਤੇ ਘੱਟ ਖਰਚੇ ਵਿੱਚ ਹੋ ਜਾਂਦੀ ਹੈ। ਜ਼ਿਲ੍ਹਾ ਸੰਗਰੂਰ ਦੇ ਡਿਪਟੀ ਕਮਿਸ਼ਨਰ ਸ਼੍ਰੀ ਰਾਹੁਲ ਚਾਬਾ ਨੇ ਦੱਸਿਆ ਕਿ ਪਰਾਲੀ ਦੇ ਯੋਗ ਨਿਪਟਾਰੇ ਲਈ ਮਸ਼ੀਨਰੀ ਦੀ ਜ਼ਿਲ੍ਹਾ ਸੰਗਰੂਰ ਵਿੱਚ ਕੋਈ ਵੀ ਕਮੀ ਨਹੀਂ ਹੈ। ਜ਼ਿਲ੍ਹਾ ਸੰਗਰੂਰ ਵਿੱਚ 8623 ਵਾਤਾਵਰਨ ਪੱਖੀ ਮਸ਼ੀਨਾਂ ਵੱਖ-ਵੱਖ ਕਿਸਾਨਾਂ, ਕਸਟਮ ਹਾਈਰਿੰਗ ਸੈਂਟਰਾਂ (ਸੀ.ਐਚ.ਸੀਜ), ਕੋਆਪ੍ਰੇਟਿਵ ਸੋਸਾਇਟੀਆਂ ਤੇ ਗ੍ਰਾਮ ਪੰਚਾਇਤਾਂ ਕੋਲ ਉਪਲੱਬਧ ਹਨ। ਇਹਨਾਂ ਮਸ਼ੀਨਾਂ ਵਿੱਚ ਹੈਪੀ ਸੀਡਰ, ਪੈਡੀ ਸਟਰਾਅ ਚੌਪਰ, ਮਲਚਰ, ਆਰ.ਐਮ.ਬੀ. ਪਲਾਓ, ਜੀਰੋ ਟਿੱਲ ਡਰਿੱਲ, ਸੁਪਰ ਐਸ.ਐਮ.ਐਸ, ਟਰੈਕਟਰ, ਸੁਪਰ ਸੀਡਰ, ਸਮਾਰਟ ਸੀਡਰ, ਨਮੀ ਮੀਟਰ, ਬੇਲਰ, ਰੇਕ, ਸ਼ਰੱਬ ਮਾਸਟਰ, ਕ੍ਰੋਪ ਰੀਪਰ ਅਤੇ ਸਰਫੇਸ ਸੀਡਰ ਸ਼ਾਮਿਲ ਹਨ। ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪਰਾਲੀ ਸਾੜਨ ਤੋਂ ਰੋਕਣ ਦੇ ਯਤਨਾਂ ਵਿੱਚ ਵਾਧਾ ਕਰਦਿਆਂ ਜ਼ਲ੍ਹਿਾ ਪੱਧਰ ਉਪਰ ਕੰਟਰੋਲ ਰੂਮ ਸਥਾਪਿਤ ਕੀਤਾ ਹੋਇਆ ਹੈ। ਪਰਾਲੀ ਸਾੜਨ ਦੀ ਸੂਚਨਾ ਮਿਲਣ ਉਤੇ ਲਾਈਨ ਵਿਭਾਗਾਂ ਅਤੇ ਆਮ ਲੋਕਾਂ ਨਾਲ ਸਹੀ ਤਾਲਮੇਲ ਲਈ ਇਹ ਕੰਟਰੋਲ ਰੂਮ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੀ ਧਰਾਤਲ ਮੰਜ਼ਲਿ ਸਥਿਤ ਸਹਾਇਕ ਕਮਿਸ਼ਨਰ (ਜਨਰਲ) ਦੇ ਦਫ਼ਤਰ (ਕਮਰਾ ਨੰਬਰ 18) ਵਿਖੇ ਬਣਾਇਆ ਗਿਆ ਹੈ। ਕੰਟਰੋਲ ਰੂਮ ਦਾ ਨੰਬਰ 01672-234196 ਹੈ, ਜਿਹੜਾ ਕਿ ਰੋਜ਼ਾਨਾ ਸਵੇਰੇ 8 ਵਜੇ ਤੋਂ ਲੈਕੇ ਸ਼ਾਮ 8 ਵਜੇ ਤੱਕ ਕਾਰਜਸ਼ੀਲ ਹੈ। ਉਹਨਾਂ ਕਿਹਾ ਕਿ ਜ਼ਲ੍ਹਿਾ ਸੰਗਰੂਰ ਵਿੱਚ ਪਰਾਲੀ ਸਾੜਨ ਦੀਆਂ ਘਟਨਾਵਾਂ ਨੂੰ ਪੂਰੀ ਤਰ੍ਹਾਂ ਖਤਮ ਕਰਨ ਲਈ ਅਤੇ ਕਿਸਾਨਾਂ ਨੂੰ ਵੱਧ ਤੋਂ ਵੱਧ ਖੇਤੀ ਮਸ਼ੀਨਰੀ ਦੀ ਵਰਤੋਂ ਕਰਨ ਲਈ ਜਾਗਰੂਕ ਕਰਨ ਲਈ ਸ਼੍ਰੀ ਰੋਹਿਤ ਸਿੰਗਲਾ, ਐਕਸੀਅਨ ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ, ਸੰਗਰੂਰ ਨੂੰ ਨੋਡਲ ਅਧਿਕਾਰੀ ਲਾਇਆ ਗਿਆ ਹੈ। ਕੰਟਰੋਲ ਰੂਮ ਦੀਆਂ ਇਹ ਟੀਮਾਂ ਪਰਾਲੀ ਸਾੜਨ ਦੀਆਂ ਘਟਨਾਵਾਂ ਦੀ ਸੂਚਨਾ ਨੂੰ ਅੱਗੇ ਸਬੰਧਤ ਫੀਲਡ ਟੀਮ ਨੂੰ ਤੁਰੰਤ ਪ੍ਰਭਾਵ ਨਾਲ ਦੇਣ ਦੀਆਂ ਜਿੰਮੇਵਾਰ ਹਨ ਤਾਂ ਕਿ ਇਸ ਉਪਰ ਤੁਰੰਤ ਪ੍ਰਭਾਵ ਨਾਲ ਕਾਰਵਾਈ ਕੀਤੀ ਜਾ ਸਕੇ। ਇਸ ਤੋਂ ਇਲਾਵਾ ਕੰਟਰੋਲ ਰੂਮ ਜ਼ਰੀਏ ਕਿਸਾਨ ਪਰਾਲੀ ਪ੍ਰਬੰਧਨ ਲਈ ਸੋਸਾਇਟੀਆਂ, ਗ੍ਰਾਮ ਪੰਚਾਇਤਾਂ ਆਦਿ ਵਿੱਚ ਮੌਜੂਦ ਮਸ਼ੀਨਰੀ ਲਈ ਵੀ ਜਾਣਕਾਰੀ ਲੈ ਸਕਦੇ ਹਨ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਕਿਸਾਨਾਂ ਦੀ ਪਰਾਲੀ ਪ੍ਰਬੰਧਨ ਲਈ ਪੰਜਾਬ ਸਰਕਾਰ ਤੇ ਜ਼ਿਲ੍ਹਾ ਪ੍ਰਸ਼ਾਸਨ ਹਰੇਕ ਪ੍ਰਕਾਰ ਦੀ ਮੱਦਦ ਕਰ ਰਹੇ ਹਨ ਪ੍ਰੰਤੂ ਫਿਰ ਵੀ ਕਈ ਕਿਸਾਨਾਂ ਵੱਲੋਂ ਪਰਾਲੀ ਨੂੰ ਅੱਗ ਲਗਾਈ ਜਾ ਰਹੀ ਹੈ ਇਹਨਾਂ ਕਿਸਾਨਾਂ ਉਪਰ ਸਬੰਧਤ ਟੀਮਾਂ ਕਾਰਵਾਈ ਵੀ ਕਰ ਰਹੀਆਂ ਹਨ। ਉਹਨਾਂ ਦੱਸਿਆ ਕਿ ਕਿਸਾਨ ਕਿਸੇ ਵੀ ਕਾਨੂੰਨੀ ਕਾਰਵਾਈ ਤੋਂ ਬਚਣ ਲਈ ਪਰਾਲੀ ਨੂੰ ਅੱਗ ਲਗਾਉਣ ਤੋਂ ਗੁਰੇਜ਼ ਕਰਨ। ਜਿਹੜੇ ਵੀ ਕਿਸਾਨ ਵੱਲੋਂ ਨਾੜ/ਪਰਾਲੀ ਨੂੰ ਅੱਗ ਲਗਾਈ ਜਾਂਦੀ ਹੈ ਉਹਨਾਂ ਦੀ ਜਮੀਨ ਦੀ ਗਿਰਦਾਵਰੀ ਵਿੱਚ ਸੁਰਖ ਅੱਖਰਾਂ ਵਿੱਚ ਇੰਦਰਾਜ ਕੀਤੇ ਜਾ ਰਹੇ ਹਨ ਅਤੇ ਚਲਾਨ ਕੱਟ ਕੇ ਜੁਰਮਾਨੇ ਪਾਏ ਜਾ ਰਹੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸਿੱਖ ਕੌਮ ਅਤੇ ਘੱਟ ਗਿਣਤੀਆਂ ਨੂੰ ਇੰਡੀਆਂ ਵਿਚ ਇਨਸਾਫ਼ ਨਹੀ ਮਿਲ ਸਕਦਾ, ਆਜਾਦ ਸਿੱਖ ਸਟੇਟ ਅਤਿ ਜਰੂਰੀ : ਮਾਨ



ਨਵੀਂ ਦਿੱਲੀ, 31 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ):- ਇੰਡੀਆਂ ਦੇ ਹੁਕਮਰਾਨਾਂ, ਅਦਾਲਤਾਂ ਅਫਸਰਸਾਹੀ ਤੇ ਨਿਜਾਮ ਵਿਚ ਲੰਮੇ ਸਮੇ ਤੋ ਉਤਪੰਨ ਹੋ ਚੁੱਕੀਆਂ ਵੱਡੀਆਂ ਖਾਮੀਆ ਵੱਧਦੀ ਰਿਸਵਤਖੋਰੀ ਦੀ ਬਦੌਲਤ ਇਥੇ ਵੱਸਣ ਵਾਲੀ ਸਿੱਖ ਕੌਮ ਤੇ ਹੋਰ ਘੱਟ ਗਿਣਤੀ ਕੌਮਾਂ ਨੂੰ ਕਤਈ ਵੀ ਇਨਸਾਫ਼ ਨਹੀ ਮਿਲ ਸਕਦਾ । ਇਸ ਲਈ ਪੰਜਾਬੀਆਂ ਤੇ ਸਿੱਖ ਕੌਮ ਲਈ ਇਹ ਜਰੂਰੀ ਹੈ ਕਿ ਉਹ ਇਨਸਾਫ਼ ਪਸੰਦ ਪ੍ਰਬੰਧ ਕਾਇਮ ਕਰਨ ਹਿੱਤ ਆਜਾਦ ਸਿੱਖ ਸਟੇਟ ਨੂੰ ਹੋਂਦ ਵਿਚ ਲਿਆਉਣਾ ਉਨ੍ਹਾਂ ਦੀ ਵੱਡੀ ਜਿੰਮੇਵਾਰੀ ਹੈ । ਇਹ ਵਿਚਾਰ ਸ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਇੰਡੀਆਂ ਦੇ ਨਿਜਾਮੀ ਅਤੇ ਅਦਾਲਤੀ ਪ੍ਰਬੰਧ ਵਿਚ ਰਿਸਵਤਖੋਰੀ ਦੀ ਬਦੌਲਤ ਪੈਦਾ ਹੋ ਚੁੱਕੀਆ ਵੱਡੀਆ ਖਾਮੀਆ ਅਤੇ ਘੱਟ ਗਿਣਤੀ ਕੌਮਾਂ ਨੂੰ ਇਥੇ ਕਦੀ ਵੀ ਇਨਸਾਫ਼ ਨਾ ਮਿਲਣ ਦੀ ਗੱਲ ਕਰਦੇ ਹੋਏ, ਪੰਜਾਬੀਆਂ ਤੇ ਸਿੱਖ ਕੌਮ ਨੂੰ ਹਰ ਕੀਮਤ ਤੇ ਇਕ ਆਜਾਦ ਸਿੱਖ ਸਟੇਟ ਕਾਇਮ ਕਰਨ ਲਈ ਤਤਪਰ ਰਹਿਣ ਦਾ ਹੋਕਾ ਦਿੰਦੇ ਹੋਏ ਪ੍ਰਗਟ ਕੀਤੇ । ਉਨ੍ਹਾਂ ਕਿਹਾ ਕਿ ਜੋ ਘੱਟ ਗਿਣਤੀ ਕੌਮਾਂ ਨਾਲ ਹੁਕਮਰਾਨ ਤੇ ਅਦਾਲਤਾਂ ਵਿਤਕਰੇ ਤੇ ਬੇਇਨਸਾਫ਼ੀਆ ਕਰਦੇ ਆ ਰਹੇ ਹਨ ਉਸਦੀ ਪ੍ਰਤੱਖ ਮਿਸਾਲ ਹੈ ਕਿ ਬਾਬਰੀ ਮਸਜਿਦ ਜੋ ਮੁਸਲਿਮ ਕੌਮ ਦਾ ਸਰਬਉੱਚ ਧਾਰਮਿਕ ਸਥਾਨ ਹੈ, ਉਸਦਾ ਫੈਸਲਾ ਕਰਦੇ ਹੋਏ ਮੁੱਖ ਜੱਜ ਸੁਪਰੀਮ ਕੋਰਟ ਜਸਟਿਸ ਗੰਗੋਈ ਨੇ ਪੱਖਪਾਤੀ ਫੈਸਲਾ ਕਰਕੇ ਉਥੇ ਮੰਦਰ ਬਣਾਉਣ ਦੀ ਗੱਲ ਕਰਕੇ ਮੁਸਲਿਮ ਕੌਮ ਦੀ ਆਵਾਜ ਦਾ ਗਲਾਂ ਘੁੱਟਿਆ ਜਿਸਦੀ ਬਦੌਲਤ ਇਵਜਾਨੇ ਵੱਜੋ ਜਸਟਿਸ ਗੰਗੋਈ ਨੂੰ ਰਿਟਾਇਰਮੈਂਟ ਉਪਰੰਤ 6 ਸਾਲ ਲਈ ਰਾਜ ਸਭਾ ਮੈਬਰ ਰਿਸਵਤ ਵੱਜੋ ਬਣਾਇਆ ਗਿਆ । ਇਸ ਗੱਲ ਦੀ ਵੱਡੀ ਸੰਕਾ ਉਭਰਕੇ ਸਾਹਮਣੇ ਆਉਦੀ ਹੈ ਕਿ ਜੋ ਹਿਮਾਚਲ ਦੇ ਸਿਮਲਾ ਵਿਚ ਸੰਜੋਲੀ ਮਜਸਿਦ ਦਾ ਉਥੋ ਦੇ ਐਡੀਸਨਲ ਜ਼ਿਲ੍ਹਾ ਸੈਸਨ ਜੱਜ ਯਾਜੂਵਿੰਦਰ ਸਿੰਘ ਨੇ ਵੀ ਕੁਝ ਅਜਿਹਾ ਤਾ ਨਹੀ ਕੀਤਾ ਜਿਸ ਨਾਲ ਮੁਸਲਿਮ ਕੌਮ ਨਾਲ ਹੋਰ ਵੱਡੀ ਬੇਇਨਸਾਫੀ ਹੋ ਜਾਵੇ ਅਤੇ ਇਹ ਹੁਕਮਰਾਨ ਤੇ ਬਹੁਗਿਣਤੀ ਜੱਜ ਨੂੰ ਉਪਰੋਕਤ ਜਸਟਿਸ ਗੰਗੋਈ ਦੀ ਤਰ੍ਹਾਂ ਸਥਿਤੀ ਸੰਭਾਲ ਲਵੇ । ਇਸ ਗੱਲ ਦੀ ਨਿਰੱਪਖਤਾ ਨਾਲ ਜਾਂਚ ਵੀ ਹੋਣੀ ਚਾਹੀਦੀ ਹੈ ਅਤੇ ਮੁਸਲਿਮ ਕੌਮ ਦੀ ਮਸਜਿਸ ਸੰਬੰਧੀ ਮਸਲੇ ਦਾ ਸਹੀ ਢੰਗ ਨਾਲ ਦਲੀਲ ਸਹਿਤ ਫੈਸਲਾ ਹੋਣਾ ਬਣਦਾ ਹੈ ਨਾ ਕਿ ਸਾਜਸੀ ਢੰਗ ਨਾਲ ਪੱਖਪਾਤੀ ਫੈਸਲਾ ਹੋਣਾ ਚਾਹੀਦਾ ਹੈ ।

# ਇੱਕ ਨਜ਼ਰ...



## ਜੰਡਿਆਲਾ ਦਾਣਾ ਮੰਡੀ ਵਿਖੇ 11.70 ਕਰੋੜ ਰੁਪਏ ਦੀ ਲਾਗਤ ਨਾਲ ਹੋਣ ਵਾਲੇ ਵਿਕਾਸ ਕਾਰਜ਼ਾਂ ਦਾ ਕੀਤਾ ਉਦਘਾਟਨ

### ਮੰਡੀਆਂ ਵਿੱਚ ਕਿਸਾਨਾਂ ਮਜ਼ਦੂਰਾਂ ਅਤੇ ਆੜ੍ਹਤੀਆਂ ਨੂੰ ਨਹੀਂ ਪੇਸ਼ ਆਉਣ ਦਿਆਂਗੇ ਕੋਈ ਮੁਸ਼ਕਿਲ ਸ੍ਰ: ਈ.ਟੀ.ਓ

ਜੰਡਿਆਲਾ ਗੁਰੂ 31 ਅਕਤੂਬਰ ( ਕੁਲਵੰਤ ਸਿੰਘ ਵਿਰਦੀ ) ਮੁੱਖ ਮੰਤਰੀ ਪੰਜਾਬ ਸ: ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਪਿੰਡਾਂ ਦੇ ਵਿਕਾਸ ਲਈ ਵਚਨਬੱਧ ਹੈ ਅਤੇ ਪਿੰਡ ਵਾਸੀਆਂ ਨੂੰ ਸ਼ਹਿਰ ਵਰਗੀਆਂ ਸਾਰੀਆਂ ਸਹੂਲਤਾਂ ਮੁਹੱਈਆ ਕਰਵਾ ਰਹੀ ਹੈ। ਇਨਾਂ ਸ਼ਬਦਾਂ ਦਾ ਪ੍ਰਗਟਾਵਾ ਕੈਬਨਿਟ ਮੰਤਰੀ ਸ: ਹਰਭਜਨ ਸਿੰਘ ਈ.ਟੀ.ਓ ਨੇ ਅੱਜ ਜੰਡਿਆਲਾ ਮੰਡੀ ਵਿਖੇ 11.70 ਕਰੋੜ ਰੁਪਏ ਦੀ ਲਾਗਤ ਨਾਲ ਹੋਣ ਵਾਲੇ ਵਿਕਾਸ ਕਾਰਜਾਂ ਦਾ ਨੀਂਹ ਪੱਥਰ ਰੱਖਣ ਸਮੇਂ ਕੀਤਾ। ਸ: ਈ.ਟੀ.ਓ. ਨੇ ਜੰਡਿਆਲਾ ਦਾਣਾ ਮੰਡੀ ਵਿਖੇ 3 ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲੇ 3 ਸਟੀਲ ਕਵਰ ਸ਼ੈੱਡ ਦਾ ਉਦਘਾਟਨ ਕਰਦਿਆਂ ਕਿਹਾ ਕਿ ਇਹ ਸ਼ੈੱਡ 6 ਮਹੀਨਿਆਂ ਵੀ ਬਣ ਕੇ ਤਿਆਰ ਹੋ ਜਾਣਗੇ।ਉਨਾਂ ਦੱਸਿਆ ਕਿ ਇਸ ਸ਼ੈੱਡ ਦੇ ਬਣਨ ਨਾਲ ਹਲਕੇ ਦੇ ਆਲੇ ਦੁਆਲੇ ਪਿੰਡਾਂ ਦੇ ਕਿਸਾਨਾਂ ਨੂੰ ਕਾਫ਼ੀ ਸਹੂਲਤ ਮਿਲੇਗੀ ਅਤੇ ਉਹ ਆਪਣੀ ਫਸਲ ਇਨਾਂ ਸ਼ੈੱਡਾਂ ਹੇਠਾਂ ਰੱਖ ਸਕਣਗੇ, ਜਿਸ ਨਾਲ ਕਿ ਮੀਂਹ ਕਣੀ ਤੋਂ ਉਨਾਂ ਦੀ ਫਸਲ ਦਾ ਬਚਾਅ ਹੋਵੇਗਾ। ਉਨਾਂ ਦੱਸਿਆ ਕਿ ਇਸ ਤੋਂ ਪਹਿਲਾਂ ਵੀ ਇਸ ਮੰਡੀ ਵਿੱਚ ਇਕ ਸਟੀਲ ਸ਼ੈੱਡ ਦਾ ਨਿਰਮਾਣ ਕੀਤਾ ਗਿਆ ਸੀ, ਜਿਸ ਤੇ 92 ਲੱਖ ਰੁਪਏ ਦੀ ਲਾਗਤ ਆਈ ਸੀ। ਸ: ਈ.ਟੀ.ਓ ਨੇ ਕਿਹਾ ਕਿ ਸਾਡੀ ਸਰਕਾਰ ਮੰਡੀਆਂ ਵਿੱਚ ਕਿਸਾਨਾਂ ਮਜ਼ਦੂਰਾਂ ਅਤੇ ਆੜ੍ਹਤੀਆਂ ਨੂੰ ਕਿਸੇ ਤਰ੍ਹਾਂ ਦੀ ਕੋਈ ਪਰੇਸ਼ਾਨ ਨਹੀਂ ਆਉਣ ਦਿੱਤੀ ਜਾਵੇਗੀ ।ਇਸ ਉਪਰੰਤ ਸ: ਈ.ਟੀ.ਓ. ਵਲੋਂ ਜੰਡਿਆਲਾ ਗੁਰੂ ਵਿਖੇ ਰੇਲਵੇ ਰੋਡ ਤੇ ਪਨਸਪ ਦੇ ਗੁਦਾਮ ਨੰਬਰ 1, 2,3,4 ਦੀ ਨਵੀਂ ਉਸਾਰੀ ਅਤੇ ਗੁਦਾਮ ਨੰਬਰ 5 ਦੀ ਮੇਜ਼ਰ ਰਿਪੇਅਰ, ਸੜ੍ਹਕ , ਸੀਵਰੇਜ ਅਤੇ ਚਾਰਦਿਵਾਰੀ ਦਾ ਉਦਘਾਟਨ ਵੀ ਕੀਤਾ। ਉਨਾਂ ਦੱਸਿਆ ਕਿ ਇਸ ਕੰਮ ਉੱਤੇ ਤਕਰੀਬਨ 8 ਕਰੋੜ 70 ਲੱਖ ਰੁਪਏ ਦੀ ਲਾਗਤ ਆਵੇਗੀ ਅਤੇ ਇਕ ਸਾਲ ਦੇ ਅੰਦਰ ਅੰਦਰ ਇਹ ਕੰਮ ਮੁਕੰਮਲ ਕੀਤਾ ਜਾਵੇਗਾ। ਸ: ਈ.ਟੀ.ਓ. ਨੇ ਪਿਛਲੀਆਂ ਸਰਕਾਰਾਂ ਤੇ ਤੰਜ ਕਸਦਿਆਂ ਕਿਹਾ ਕਿ 1992 ਤੋਂ ਬਾਅਦ ਕਿਸੇ ਵੀ ਸਰਕਾਰ ਨੇ ਇਸ ਮੰਡੀ ਦੀ ਸਾਰ ਨਹੀਂ ਲਈ। ਉਨਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਤਾਂ ਕੇਵਲ ਹਵਾ ਵਿਚ ਹੀ ਤੀਰ ਮਾਰਦੀਆਂ ਸਨ। ਜਦਕਿ ਮਾਨ ਸਰਕਾਰ ਨੇ ਜਮੀਨੀ ਪੱਧਰ ਤੇ ਹਰੇਕ ਪਿੰਡ ਵਿੱਚ ਪਹੁੰਚ ਕਰਕੇ ਲੋਕਾਂ ਦੇ ਕੰਮ ਕੀਤੇ ਹਨ। ਉਨਾਂ ਕਿਹਾ ਕਿ ਸਾਡੀ ਸਰਕਾਰ ਆਮ ਆਦਮੀ ਪਾਰਟੀ ਦੀ ਸਰਕਾਰ ਹੈ ਅਤੇ ਅਸੀਂ ਜੋ ਵੀ ਵਿਕਾਸ ਦੀਆਂ ਗਰੰਟੀਆਂ ਦਿੱਤੀਆਂ ਸਨ, ਉਸ ਨੂੰ ਪਹਿਲ ਦੇ ਆਧਾਰ ਤੇ ਪੂਰਾ ਕੀਤਾ ਹੈ। ਉਨਾਂ ਪਿਛਲੀਆਂ ਸਰਕਾਰਾਂ ਨੂੰ ਚੁਣੌਤੀ ਦਿੰਦਿਆਂ ਕਿਹਾ ਕਿ ਸ: ਭਗਵੰਤ ਸਿੰਘ ਮਾਨ ਦੀ ਸਰਕਾਰ ਵਲੋਂ ਹਲਕੇ ਦਾ ਵੱਧ ਵਿਕਾਸ ਅਤੇ ਹੁਣ ਤੱਕ ਦੀਆਂ ਸਭ ਤੋਂ ਵੱਧ ਗਰਾਂਟਾਂ ਦਿੱਤੀਆਂ ਗਈਆਂ ਹਨ। ਉਨਾਂ ਕਿਹਾ ਕਿ ਅਸੀਂ ਆਪਣੇ ਕੰਮਾਂ ਦੇ ਆਧਾਰ ਤੇ ਲੋਕਾਂ ਦੀ ਕਚਿਹਿਰੀ ਵਿੱਚ ਜਾਵਾਂਗੇ ਅਤੇ ਭਾਰੀ ਬਹੁਮਤ ਨਾਲ ਜਿੱਤ ਕੇ ਮੁੜ ਸਰਕਾਰ ਬਣਾਵਾਂਗੇ ਅਤੇ ਪੰਜਾਬ ਦੇ ਲੋਕਾਂ ਦੀ ਭਲਾਈ ਦੇ ਕੰਮ ਕਰਾਂਗੇ ।ਇਸ ਮੌਕੇ ਸ੍ਰੀ ਸੁਨੀਲ ਪਾਸੀ ਚੇਅਰਮੈਨ ਸੁਬੇਦਾਰ ਛਨਾਖ ਸਿੰਘ, ਤੋਂ ਇਲਾਵਾ ਵੱਡੀ ਗਿਣਤੀ ਵਿੱਚ ਕਿਸਾਨ, ਮਜ਼ਦੂਰ, ਆੜ੍ਹਤੀ ਤੋਂ ਇਲਾਵਾ ਆਮ ਆਦਮੀ ਪਾਰਟੀ ਦੇ ਵਰਕਰ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਭਾਈ ਬੇਅੰਤ ਸਿੰਘ ਦੇ ਸ਼ਹੀਦੀ ਦਿਹਾੜੇ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ



ਨਵੀਂ ਦਿੱਲੀ, 31 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ):- ਕੌਮੀ ਯੋਧੇ ਸ਼ਹੀਦ ਭਾਈ ਬੇਅੰਤ ਸਿੰਘ ਦੇ ਸ਼ਹੀਦੀ ਦਿਹਾੜੇ ਮੌਕੇ ਸ੍ਰੀ ਦਰਬਾਰ ਸਾਹਿਬ ਸਮੂਹ ’ਚ ਸਥਿਤ ਗੁਰਦੁਆਰਾ ਸ਼ਹੀਦ ਬਾਬਾ ਗੁਰਬਖਸ਼ ਸਿੰਘ ਜੀ ਵਿਖੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਗੁਰਦੇਵ ਸਿੰਘ ਖਾਲਸਾ ਦੇ ਜਥੇ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਅਰਦਾਸ ਉਪਰੰਤ ਪਾਵਨ ਹੁਕਮਨਾਮਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਬਲਜੀਤ ਸਿੰਘ ਨੇ ਸਰਵਣ ਕਰਵਾਇਆ। ਸਮਾਗਮ ਮੌਕੇ ਸੰਗਤ ਨਾਲ ਵਿਚਾਰ ਕਰਦਿਆਂ ਗਿਆਨੀ ਬਲਜੀਤ ਸਿੰਘ ਨੇ ਕਿਹਾ ਕਿ ਸਮੇਂ ਦੀ ਭਾਰਤੀ ਹਕੂਮਤ ਵੱਲੋਂ 1984 ਵਿਚ ਸਿੱਖ ਕੌਮ ਦੇ ਪਾਵਨ ਅਸਥਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਸਮੇਤ ਹੋਰ ਗੁਰਦੁਆਰਾ ਸਾਹਿਬਾਨ ’ਤੇ ਕੀਤੇ ਹਮਲੇ ਨੂੰ ਸਿੱਖ ਕੌਮ ਕਦੀ ਭੁਲਾ ਨਹੀਂ ਸਕਦੀ। ਉਨ੍ਹਾਂ ਕਿਹਾ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ’ਤੇ ਹੋਏ ਹਮਲੇ ਮਗਰੋਂ ਸਿੱਖ ਕੌਮ ਦੀਆਂ ਭਾਵਨਾਵਾਂ ਦੀ ਤਰਜ਼ਮਾਨੀ ਕਰਨ ਵਾਲੇ ਸ਼ਹੀਦ ਭਾਈ ਬੇਅੰਤ ਸਿੰਘ, ਸ਼ਹੀਦ ਭਾਈ ਸਤਵੰਤ ਸਿੰਘ ਤੇ ਸ਼ਹੀਦ ਭਾਈ ਕੇਹਰ ਸਿੰਘ ਦਾ ਸਿੱਖ ਕੌਮ ਅੰਦਰ ਬੇਹੱਦ ਸਤਿਕਾਰ ਹੈ ਅਤੇ ਹਮੇਸ਼ਾ ਰਹੇਗਾ। ਇਸੇ ਦੌਰਾਨ ਸ਼ਹੀਦ ਸਿੰਘਾਂ ਦੇ ਪਰਿਵਾਰਕ ਮੈਂਬਰਾਂ ਨੂੰ ਸਿਰੋਪਾਓ ਦੇ ਕੇ ਸਨਮਾਨ ਦਿੱਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

# ਛੇਵੇਂ ਗੁਰੂ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਅਸਥਾਨ ਮੱਲ੍ਹੀਆਂ ਵਿਖੇ ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਧਾਰਮਿਕ ਸਮਾਗਮ ਕਰਵਾਇਆ ਗਿਆ

## ਨੌਜਵਾਨਾਂ ਨੇ ਬੰਦੀ ਸਿੰਘਾਂ ਨੂੰ ਰਿਹਾਅ ਕਰਨ ਦੀ ਕੀਤੀ ਮੰਗ




ਜੰਡਿਆਲਾ ਗੁਰੂ 31 ਅਕਤੂਬਰ ( ਕੁਲਵੰਤ ਸਿੰਘ ਵਿਰਦੀ ) ਜੀ ਟੀ ਰੋਡ ਤੇ ਵਸੇ ਇਤਿਹਾਸਕ ਨਗਰ ਮੱਲ੍ਹੀਆਂ ਵਿਖੇ ਸਥਿਤ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਗੋਬਿੰਦ ਪਾਤਸ਼ਾਹ ਜੀ ਦੀ ਚਰਨ ਛੋਹ ਅਸਥਾਨ ਵਿਖੇ ਬੀਤੇ ਦਿਨ 30 ਅਕਤੂਬਰ ਨੂੰ ਸਮੂਹ ਨਗਰ ਨਿਵਾਸੀ ਸੰਗਤਾਂ ਅਤੇ ਐਨ ਆਰ ਆਈ ਵੀਰਾਂ ਦੇ ਸਹਿਯੋਗ ਨਾਲ, ਮਿਸਲ ਸ਼ਹੀਦਾਂ ਤਰਨਾ ਦਲ ਦੇ 16 ਵੇਂ ਮੁਖੀ ਬਾਬਾ ਜੋਗਾ ਸਿੰਘ ਜੀ ਦੀ ਰਹਿਨੁਮਾਈ ਹੇਠ ਧੰਨ ਧੰਨ ਗੁਰੂ ਰਾਮਦਾਸ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਧਾਰਮਿਕ ਸਮਾਗਮ ਕਰਵਾਇਆ ਗਿਆ। ਇਸ ਸਮਾਗਮ ਦੀ ਆਰੰਭਤਾ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਵਿੱਚ ਸ੍ਰੀ ਸੁਖਮਨੀ ਸਾਹਿਬ ਦੇ ਜਾਪ ਨਾਲ ਕੀਤੀ ਗਈ ਅਤੇ ਭੋਗ ਤੋਂ ਉਪਰੰਤ ਸੰਧਿਆ ਦੇ ਸਮੇਂ ਸ਼ਾਮ ਵੇਲੇ ਸੋ ਦਰਿ ਰਹਿਰਾਸ ਸਾਹਿਬ ਜੀ ਦੇ ਪਾਠ ਕੀਤੇ ਗਏ ਅਤੇ ਉਪਰੰਤ ਸਮਾਗਮ ਦੀ ਆਰੰਭਤਾ ਦੇ ਪਹਿਲੇ ਜਥੇ ਭਾਈ ਮਨੀ ਸਿੰਘ ਜੀ ਤਰਨਾ ਦਲ ਵਾਲਿਆਂ ਨੇ ਆਨੰਦ ਮਈ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਉਸ ਤੋਂ ਬਾਅਦ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਸਿੱਧ ਪ੍ਰਚਾਰਕ ,ਕਥਾ ਵਾਚਕ ਭਾਈ ਹਰਪ੍ਰੀਤ ਸਿੰਘ ਵਡਾਲਾ ਜੀ ਨੇ ਗੁਰੂ ਰਾਮਦਾਸ ਜੀ ਦੀ ਜੀਵਨੀ ਤੇ ਕਥਾ ਕਰਕੇ ਸੰਗਤਾਂ ਨੂੰ ਗੁਰ ਇਤਿਹਾਸ ਨਾਲ ਜੋੜਿਆ ਅਤੇ ਕਥਾ ਦੀ ਸਮਾਪਤੀ ਤੋਂ ਉਪਰੰਤ ਕਵੀਸਰੀ ਜਥਾ ਭਾਈ ਗੁਰਨਾਮ ਸਿੰਘ ਮੱਲ੍ਹੀਆ ਵਾਲਿਆਂ ਨੇ ਸੰਗਤਾਂ ਨੂੰ ਨਿਹਾਲ ਕੀਤਾ। ਅਤੇ ਉਪਰੰਤ ਗੁਰਦੁਆਰਾ ਸ਼ਹੀਦਾਂ ਸਾਹਿਬ ਬਾਬਾ ਦੀਪ ਸਿੰਘ ਜੀ, ਤੋਂ ਕਥਾਵਾਚਕ ਭਾਈ ਗੁਰਪ੍ਰੀਤ ਸਿੰਘ ਜੀ ਨੇ ਆਪਣੀ ਹਾਜ਼ਰੀ ਲਗਵਾਈ। ਉਪਰੰਤ ਭਾਈ ਸੁਖਬੀਰ ਸਿੰਘ ਜੀ ਨਿਹੰਗ ਸਿੰਘ ਦੇ ਕਵਿਸ਼ਰੀ ਜਥੇ ਨੇ ਗੁਰਇਤਿਹਾਸ ਸੁਣਾ ਕਿ ਅਤੇ ਕਵਿਸਰੀ ਵਾਰਾਂ ਗਾਇਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ। ਸਮਾਪਤੀ ਉਪਰੰਤ ਦੀਵਾਨਾਂ ਦੀ ਸੰਪੂਰਨਤਾ ਦੀ ਅਰਦਾਸ ਕੀਤੀ ਗਈ ਅਤੇ ਕੜਾਹ ਪ੍ਰਸ਼ਾਦਿ ਦੀਆਂ ਦੇਗਾਂ ਸੰਗਤਾਂ ਵਿੱਚ ਵਰਤਾਈਆਂ ਗਈਆਂ ।ਅਤੇ ਉਪਰੰਤ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਫੁੱਲਾਂ ਦੀ ਵਰਖਾ ਦੇ ਨਾਲ ਉਨਾਂ ਦੇ ਨਿੱਜੀ ਸਥਾਨਾਂ ਤੇ ਬਿਰਾਜਮਾਨ ਕੀਤਾ ਗਿਆ। ਅਤੇ ਬਾਅਦ ਵਿੱਚ ਨੌਜਵਾਨਾਂ ਵੱਲੋਂ ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਦਿਹਾੜੇ ਦੀ ਖੁਸ਼ੀ ਦੇ ਵਿੱਚ ਆਤਿਸ਼ਬਾਜ਼ੀ ਕੀਤੀ ਗਈ ।। ਇਸ ਮੌਕੇ ਤੇ ਸੇਵਾਦਾਰ ਭਾਈ ਗੁਰਵਿੰਦਰ ਸਿੰਘ ਜੀ, ਸੁਖਮਨ ਸਿੰਘ ਮੱਲੀ, ਮੰਗਲ ਸਿੰਘ ਟੈਂਟ ਹਾਊਸ ਵਾਲੇ,ਹੈਪੀ ਟੈਂਟ ਹਾਊਸ ,ਐਪੀ ਮੱਲ੍ਹੀ ਸੋਨੂੰ, ਕਰਨਬੀਰ ਸਿੰਘ ਕੇ ਬੀ, ਨਵਜੋਤ ਸਿੰਘ, ਕੁਲਜਿੰਦਰ ਸਿੰਘ,ਉਂਕਾਰ ਸਿੰਘ ਸ਼ੇਰੂ ਮੱਲ੍ਹੀ, ਹਰਵਿੰਦਰ ਸਿੰਘ, ਇਸ ਤੋਂ ਇਲਾਵਾ ਨੌਜਵਾਨ ਸਿੰਘ ਸਭਾ ਮੱਲੀਆਂ ਦੇ ਸੇਵਾਦਾਰ ਆਦਿ ਹਾਜ਼ਰਿ ਸਨ।। ਇਸ ਮੌਕੇ ਤੇ ਸਟੇਜ ਸਕੱਤਰ ਦੀ ਸੇਵਾ ਭਾਈ ਗੁਰਨਾਮ ਸਿੰਘ ਕਵੀਸ਼ਰ ਮੱਲੀਆ ਵਾਲਿਆਂ ਨੇ ਨੇ ਨਿਭਾਈ। ਅਤੇ ਜੋੜਾ ਘਰ ਵਿੱਚ ਨੌਜਵਾਨਾਂ ਵੱਲ ਆਈਆਂ ਸੰਗਤਾਂ ਦੇ ਜੋੜਿਆਂ ਦੀ ਸੇਵਾ ਸੰਭਾਲ ਕੀਤੀ ਅਤੇ ਬੰਦੀ ਸਿੰਘਾਂ ਦੀ ਰਿਹਾਈ ਦੀ ਵੱਡੀ ਫਲੈਕਸ ਜੋੜਾ ਘਰ ਵਿੱਚ ਲਗਾ ਕਿ ਸਿੱਖ ਕੌਮ ਦੀ ਆਵਾਜ ਨੂੰ ਸਰਕਾਰਾਂ ਤੱਕ ਪਹੁੰਚਾਉਣ ਦਾ ਯਤਨ ਕੀਤਾ ਗਿਆ ਅਤੇ ਸਰਕਾਰਾਂ ਕੋਲੋਂ ਮੰਗ ਕੀਤੀ ਗਈ ਕਿ ਬੰਦੀ ਸਿੰਘਾਂ ਨੂੰ ਰਿਹਾਅ ਕਰਕੇ ਸਿੱਖ ਕੌਮ ਨਾਲ ਇਨਸਾਫ ਕੀਤਾ ਜਾਵੇ !

ਆਵਾਜ਼ਿ ਕੌਮ AWAZE QAUM International Newspaper & WEB TV

### ਸ਼ਹੀਦ ਤਜਿੰਦਰ ਸਿੰਘ ਸਸਸਸ ਜੋਧੇ ਨੂੰ ਮੁਕੰਮਲ ਤੌਰ ’ਤੇ ਅੱਪਗ੍ਰੇਡ ਸ਼੍ਰੇਣੀ ਦਾ ਲਾਭ ਦੇਣ ਦਾ ਮਾਮਲਾ

## ਜੋਧੇ ਪਿੰਡ ਦੇ ਸਰਕਾਰੀ ਸਕੂਲ ’ਚ ਲੋੜੀਦਾ ਸਟਾਫ ਤਾਇਨਾਤ ਕੀਤਾ ਜਾਵੇ: ਸਤਨਾਮ ਸਿੰਘ ਗਿੱਲ



ਚੌਕ ਮਹਿਤਾ, 31 ਅਕਤੂਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)- ਸ਼ਹੀਦ ਤਜਿੰਦਰ ਸਿੰਘ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਜੋਧੇ ਦੀ ਹੋਂਦ ਨੂੰ ਬਚਾਉਂਣ ਦੀ ਵਕਾਲਤ ਕਰਦਿਆਂ ਘੱਟ ਗਿਣਤੀ ਲੋਕ ਭਲਾਈ ਸੰਸਥਾ ਦੇ ਸੁਪਰੀਮੋਂ ਸ੍ਰ ਸਤਨਾਮ ਸਿੰਘ ਗਿੱਲ (ਮੈਂਬਰ ਗ੍ਰਾਮ ਸਭਾ) ਨੇ ਸਟੇਟ ਤੋਂ ਮੰਗ ਕੀਤੀ ਹੈ ਕਿ 16 ਮਹੀਨੇ ਪਹਿਲਾਂ ਅੱਪਗ੍ਰੇਡ ਕੀਤੇ ਗਏ ਜੋਧੇ ਦੇ ਸਕੂਲ ਨੂੰ ਸੀਨੀਅਰ ਸੈਕੰਡਰੀ ਸਕੂਲਾਂ ਦੀ ਸੂਚੀ ਸ਼ਾਮਲ ਕਰਨ ਦਾ ਪੱਤਰ ਜਾਰੀ ਕਰਨ ਉਪਰੰਤ ਵਿਭਾਗ ਖੁਦ ਹੀ ਸਵਾਲਾਂ ਦੇ ਘੇਰੇ ਹੇਠ ਆ ਗਿਆ ਹੈ। ਉਨ੍ਹਾ ਨੇ ਦੱਸਿਆ ਕਿ ਮਿਤੀ 15/03/2024 ਨੂੰ ਵਿਭਾਗ ਪੱਤਰ ਜਾਰੀ ਕਰਕੇ ਇਸ ਨੂੰ 12ਵੀਂ ਤੱਕ ਮਾਨਤਾ ਦੇਣ ਦੀ ਪੁਸ਼ਟੀ ਜਰੂਰ ਕਰ ਚੁੱਕਾ ਹੈ,ਪਰ ਅਜੇ ਤੱਕ ਇਸ ਅੱਪਗ੍ਰੇਡ ਹੋਏ ਸਕੂਲ ਨੂੰ ਨਾ ਹੀ ਟੀਚਿੰਗ ਸਟਾਫ,ਨਾ ਹੀ ਕਲੈਰੀਕਲ ਸਟਾਫ,ਨਾ ਹੀ ਦਰਜਾ ਚਾਰ ਅਤੇ ਨਾ ਹੀ ਸਾਜੋ ਸਮਾਨ ਮੁਹੱਈਆ ਕਰਵਾ ਸਕਿਆ ਹੈ। ਉਨਾ ਨੇ ਦੱਸਿਆ ਕਿ ਨਵੇਂ ਸਾਲ ਦੇ ਪਿਛਲੇ ਮਹੀਨੇ ਸਿੱਖਿਆ ਮੰਤਰੀ ਪੰਜਾਬ ਜੋਧੇ ਪਿੰਡ ਦੇ ਸਕੂਲ ਦਾ ਦੌਰਾ ਕਰਕੇ ਗਏ ਹਨ,ਪਰ ਉਹਨਾ ਨੇ ਵੀ ਸਕੂਲ ‘ਚ ਕਲਾਸਾਂ ਸ਼ੁਰੂ ਹੋਣ ਅਤੇ ਇਸ ਚਾਲੂ ਵਰ੍ਹੇ ‘ਚ ਕੋਈ ਬੱਚਾ ਇਸ ਸਕੂਲ ‘ਚ ਦਾਖਲ ਨਾ ਹੋਣ ਦਾ ਕੋਈ ਨੋਟਿਸ ਨਹੀਂ ਲਿਆ ਜਿਸ ਨੂੰ ਸਿੱਖਿਆ ਵਿਭਾਗ ਨੇ ਵੀ ਹੌਲੇ ਤਰੀਕੇ ਨਾਲ ਲੈਂਦਿਆਂ ਸਕੂਲ ਨੂੰ ਰੱਬ ਆਸਰੇ ਹੀ ਛੱਡ ਦਿੱਤਾ ਹੈ। ਉਨ੍ਹਾ ਨੇ ਸਿੱਖਿਆ ਮੰਤਰੀ ਪੰਜਾਬ ਨੂੰ ਲਿਖੇ ਪੱਤਰ ਦੇ ਹਵਾਲੇ ਨਾਲ ਦੱਸਿਆ ਹੈ ਕਿ ਸਾਡੀ ਗ੍ਰਾਮ ਪੰਚਾਇਤ ਪਿੰਡ ਜੋਧੇ ਦੇ ਮੌਜੂਦਾ ਸਰਪੰਚ ਸ੍ਰ ਦਲਜੀਤ ਸਿੰਘ ਸ਼ਾਹ ਅਤੇ ਸਮੂਹ ਪੰਚਾਂ ਨੇ ਮੇਰੇ ਵੱਲੋਂ ਲਿਖੇ ਪੱਤਰ ਦਾ ਸਮਰਥਨ ਕਰਦਿਆਂ ਪ੍ਰਸਤਾਵਿਤ ਮਤੇ ਦੀ ਕਾਪੀ ਜਾਰੀ ਕਰਦਿਆਂ ਮੰਗ ਕੀਤੀ ਹੈ ਕਿ ਇਸ ਸ਼ਹੀਦ ਤਜਿੰਦਰ ਸਿੰਘ ਸਰਕਾਰੀ ਸੀਨੀਅਰ ਸਕੂਲ ਜੋਧੇ ਨੂੰ ਨਵੇਂ ਹੋਣ ਵਾਲੇ ਦਾਖਲਿਆਂ ਦੇ ਵਿਦਿਅਕ ਸੈਸ਼ਨ ‘ਚ ਦਾਖਲੇ ਕਰਨ ਲਈ ਤਿਆਰ ਕਰਨ ਲਈ ਹਰ ਸ਼੍ਰੇਣੀ ਦਾ ਸਟਾਫ ਤੁਰੰਤ ਪ੍ਰਭਾਵ ਨਾਲ ਤਾਇਨਾਤ ਕੀਤਾ ਜਾਵੇ ਅਤੇ ਜ਼ਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਅੰਮ੍ਰਿਤਸਰ ਨੂੰ ਸਕੂਲ ਦਾ ਵਿਜ਼ਟ ਕਰਕੇ ਪੰਚਾਇਤ ਨਾਲ ਮੀਟਿੰਗ ਕਰਨ ਲਈ ਨਿਰਦੇਸ਼ ਜਾਰੀ ਕੀਤੇ ਜਾਣ। ਸਤਨਾਮ ਸਿੰਘ ਗਿਲ ਨੇ ਪਿੰਡ ਵਾਲਿਆਂ ਦੀ ਆਵਾਜ਼ ਦੀ ਤਰਜ਼ਮਾਨੀ ਕਰਦਿਆਂ ਸਿਖਿਆ ਵਿਭਾਗ ਤੋਂ ਮੰਗ ਕੀਤੀ ਹੈ ਕਿ ਸ਼ਹੀਦ ਤਜਿੰਦਰ ਸਿੰਘ ਦੇ ਨਾ ਤੇ ਅੱਪਗ੍ਰੇਡ ਕੀਤੇ ਕੀਤੇ ਪੱਤਰ ਦੀ ਕਾਪੀ ਪ੍ਰਿੰਟ ਮੀਡੀਆ ‘ਚ ਪ੍ਰਕਾਸ਼ਤ ਕੀਤੀ ਜਾਵੇ ਤਾਂ ਕਿ 22 ਪਿੰਡਾਂ ‘ਚ ਇਹ ਸੁਨੇਹਾ ਜਾਵੇ ਕਿ ਸ਼ਹੀਦ ਤਜਿੰਦਰ ਸਿੰਘ ਦੇ ਨਾ ਤੇ ਅੱਪ-ਗ੍ਰੇਡ ਸ਼੍ਰੇਣੀ ‘ਚ ਲਿਆਂਦਾ ਗਿਆ ਸਕੂਲ ਇਲਾਕੇ ਦੇ ਬਚਿਆਂ ਲਈ ਰਾਹ ਦਸੇਰਾ ਬਣੇਗਾ। ਪਿੰਡ ਤਰਫੋਂ ਆਵਾਜ਼ ਬੁਲੰਦ ਕਰਦਿਆਂ ਮੰਗ ਕੀਤੀ ਹੈ ਕਿ ਆਰਟਸ ਵਿਸ਼ੇ ਦੀ ਪ੍ਰਵਾਨਗੀ ਨੂੰ ਰੱਦ ਕਰਦਿਆਂ ਇਸ ਸਕੂਲ ਨੂੰ ਮੈਡੀਕਲ,ਨਾਨ ਮੈਡੀਕਲ,ਕਾਮਰਸ ਅਤੇ ਵੋਕੇਸ਼ਨਲ ਵਿਸ਼ਿਆਂ ਦੀ ਪ੍ਰਵਾਨਗੀ ਦਿੱਤੀ ਜਾਵੇ।

ਆਵਾਜ਼ਿ ਕੌਮ AWAZE QAUM International Newspaper & WEB TV

## ਸ ਤਲਬੀਰ ਸਿੰਘ ਗਿੱਲ ਵੱਲੋਂ ਤਰਨਤਾਰਨ ਸਾਹਿਬ ਚੋਣ ਵਿੱਚ ਤੂਫਾਨੀ ਚੋਣ ਦੌਰੇ



ਚੌਕ ਮਹਿਤਾ, 31 ਅਕਤੂਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)- ਸ ਤਲਬੀਰ ਸਿੰਘ ਗਿੱਲ ਹਲਕਾ ਇੰਚਾਰਜ ਮਜੀਠਾ ਵਲੋ ਤਰਨਤਾਰਨ ਸਾਹਿਬ ਚੋਣ ਵਿੱਚ ਸਾਥੀਆਂ ਸਮੇਤ ਵੱਖ ਵੱਖ ਪਿੰਡਾਂ ਦੇ ਤੂਫਾਨੀ ਦੋਰੇ ਕੀਤੇ ਜਾ ਰਹੇ ਹਨ ਇਸ ਦੋਰਾਨ ਅੱਜ ਸੋਹਲ ਪਿੰਡ ਵਿਚ ਉਹਨਾਂ ਇਕ ਵਡੇ ਇਕੱਠ ਨੂ ਸੰਬੋਧਨ ਕੀਤਾ ਤੇ ਸਰਕਾਰ ਦੇ ਕੀਤੇ ਕੰਮਾਂ ਬਾਰੇ ਸੰਗਤਾਂ ਨੂੰ ਜਾਣਕਾਰੀ ਦਿੱਤੀ ਉਹਨਾਂ ਸਰਕਾਰ ਵਲੋ ਸੜਕਾਂ ਦੇ ਵਿਛਾਏ ਜਾ ਰਹੇ ਜਾਲ ਬਿਜਲੀ ਸਹੂਲਤਾਂ ਦਸ ਲੱਖ ਬੀਮਾ ਯੋਜਨਾ ਨਸ਼ਿਆਂ ਵਿਰੁੱਧ ਯੁੱਧ ਭ੍ਰਿਸ਼ਟਾਚਾਰ ਮੁਕਤ ਸਾਸ਼ਨ ਵਧੀਆ ਸਕੂਲ ਤੇ ਸਰਕਾਰ ਦੁਆਰਾ ਹੋਰ ਦਿਤੀਆਂ ਜਾ ਰਹੀਆਂ ਸਹੂਲਤਾਂ ਬਾਰੇ ਦੱਸਿਆ ਉਹਨਾਂ ਪਿਛਲੀਆਂ ਸਰਕਾਰਾਂ ਦੇ ਗ਼ਲਤ ਕੰਮਾਂ ਤੇ ਨਲਾਇਕੀ ਨੂੰ ਵੀ ਖੂਬ ਰਗੜਿਆ ਇਸ ਮੌਕੇ ਸੰਗਤਾਂ ਨੇ ਹੱਥ ਖੜ੍ਹੇ ਕਰ ਕੇ ਭਰੋਸਾ ਦਿੱਤਾ ਕਿ ਆਮ ਆਦਮੀ ਪਾਰਟੀ ਦੇ ਉਮੀਦਵਾਰ ਨੂੰ ਉਹ ਭਾਰੀ ਬਹੁਮਤ ਨਾਲ ਜਿੱਤਾ ਕੇ ਵਿਧਾਨ ਸਭਾ ਭੇਜਣਗੇ ਤੇ ਮੁੱਖ ਮੰਤਰੀ ਸ਼੍ਰੀ ਭਗਵੰਤ ਸਿੰਘ ਮਾਨ ਦੇ ਕੰਮਾਂ ਤੇ ਮੋਹਰ ਲਗਾਉਣਗੇ ਇਸ ਮੌਕੇ ਉਹਨਾਂ ਨਾਲ਼ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਐਮ ਐਲ ਏ ਸਰਵਣ ਸਿੰਘ ਧੁੰਨ ਜਿਲਾ ਕਿਸਾਨ ਵਿੰਗ ਪ੍ਰਧਾਨ ਬਲਬੀਰ ਸਿੰਘ ਬੋਪਾਰਾਏ ਹਲਕਾ ਮੀਡੀਆ ਆਗੂ ਨਿਸ਼ਾਨ ਸਿੰਘ ਅਰਜਨ ਮਾਂਗਾ ਬਿਕਰਮ ਸਿੰਘ ਬਲਾਕ ਪ੍ਰਧਾਨ ਸਿਕੰਦਰ ਸਿੰਘ ਖਿਦੋਵਾਲੀ ਸਾਹਿਬ ਸਿੰਘ ਸਰਪੰਚ ਬੱਬੀ ਮਰੜ ਸਰਪੰਚ ਤੰਦੇਲ ਸਰਪੰਚ ਮੱਤੇਵਾਲ ਤਲਵਿੰਦਰ ਸਿੰਘ ਸਿਕੰਦਰ ਸਿੰਘ ਭੋਏਵਾਲ ਆਦਿ ਆਗੂ ਹਾਜ਼ਰ ਸਨ

ਆਵਾਜ਼ਿ ਕੌਮ AWAZE QAUM International Newspaper & WEB TV

## ਇੱਕ ਨਜ਼ਰ . . .



## ਪੰਜਾਬੀ ਗਾਇਕ ਮਨਕੀਰਤ ਔਲਖ ਨੇ ਤਖ਼ਤ ਪਟਨਾ ਸਾਹਿਬ ਵਿਖੇ ਟੇਕਿਆ ਮੱਥਾ

ਨਵੀਂ ਦਿੱਲੀ 31 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ):-ਪ੍ਰਸਿੱਧ ਪੰਜਾਬੀ ਗਾਇਕ ਮਨਕੀਰਤ ਔਲਖ ਨੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਜਨਮ ਅਸਥਾਨ ਤਖ਼ਤ ਪਟਨਾ ਸਾਹਿਬ ਵਿਖੇ ਮੱਥਾ ਟੇਕਿਆ ਅਤੇ ਗੁਰੂ ਮਹਾਰਾਜ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਇਸ ਮੌਕੇ ਤਖ਼ਤ ਪਟਨਾ ਕਮੇਟੀ ਵੱਲੋਂ ਉਨ੍ਹਾਂ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਜਿਕਰਯੋਗ ਹੈ ਕਿ ਮਨਕੀਰਤ ਔਲਖ ਨੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਅਤੇ ਮਾਤਾ ਸਾਹਿਬ ਕੌਰ ਜੀ ਦੇ ਜੋੜਾ ਸਾਹਿਬ ਲੈ ਕੇ ਹਾਲ ਹੀ ਵਿੱਚ ਦਿੱਲੀ ਤੋਂ ਪਟਨਾ ਸਾਹਿਬ ਲਈ ਕੱਢੀ ਗਈ ਚਰਨ ਸੁਹਾਵੇ ਗੁਰੂ ਚਰਨ ਯਾਤਰਾ ਲਈ ਸ਼ਬਦ ਗਾਇਨ ਕੀਤਾ ਸੀ । ਇਸ ਮੌਕੇ ਪ੍ਰਧਾਨ ਜਗਜੋਤ ਸਿੰਘ ਸੋਹੀ, ਜਨਰਲ ਸਕੱਤਰ ਇੰਦਰਜੀਤ ਸਿੰਘ, ਸੀਨੀਅਰ ਮੀਤ ਪ੍ਰਧਾਨ ਲਖਵਿੰਦਰ ਸਿੰਘ, ਮੀਤ ਪ੍ਰਧਾਨ ਗੁਰਵਿੰਦਰ ਸਿੰਘ, ਮੀਡੀਆ ਇੰਚਾਰਜ ਸੁਦੀਪ ਸਿੰਘ, ਨੀਲਕੰਠ ਬਖਸ਼ੀ, ਇਮਪ੍ਰੀਤ ਸਿੰਘ ਬਖਸ਼ੀ ਸਮੇਤ ਕਈ ਪਤਵੰਤੇ ਹਾਜ਼ਰ ਸਨ।

## ਮਲਕੀਤ ਸਿੰਘ ਹਾਂਡਾ ਬੀ ਡੀ ਪੀ ਉ ਤਰਸਿੱਕਾ ਨੂੰ ਸਦਮਾ, ਭਰਾ ਦਾ ਹੋਇਆ ਦਿਹਾਂਤ



ਚੌਂਕ ਮਹਿਤਾ, 31 ਅਕਤੂਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ)- ਬੀ ਡੀ ਪੀਓ ਮਲਕੀਤ ਸਿੰਘ ਹਾਂਡਾ ਨੂੰ ਉਸ ਵਕਤ ਭਾਰੀ ਸਦਮਏ ਲੱਗਾ ਜਿਸ ਵਕਤ ਉਨ੍ਹਾਂ ਦੇ ਵੱਡੇ ਭਰਾ ਦੀ ਅਚਾਨਕ ਮੌਤ ਹੋ ਗਈ ਇਸ ਇਸ ਦੁੱਖ ਦੀ ਘੜੀ ਵਿੱਚ ਦੁੱਖ ਸਾਂਝਾ ਕਰਨ ਲਈ ਕੈਬਨਿਟ ਮੰਤਰੀ ਹਰਭਜਨ ਸਿੰਘ ਈ ਕੀ ਉ, ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ, ਬਲਬੀਰ ਸਿੰਘ ਸਰਾਂ ਸਕੱਤਰ ਐਸੀ ਸੈਲ, ਪ੍ਰਧਾਨ ਗੁਰਮੁੱਖ ਸਿੰਘ ਔਜਲਾ, ਅਮਨਪਾਲ ਸਿੰਘ ਪੰਚਾਇਤ ਅਫ਼ਸਰ ਤਰਸਿੱਕਾ,ਹਲਕਾ ਮਜੀਠਾ ਦੇ ਇੰਚਾਰਜ ਤਲਬੀਰ ਸਿੰਘ ਗਿੱਲ, ਬਲਜਿੰਦਰ ਸਿੰਘ ਸੈਕਟਰੀ, ਸ਼ਰਨਪ੍ਰੀਤ ਸਿੰਘ, ਬਲਜੀਤ ਸਿੰਘ, ਬਲਦੇਵ ਸਿੰਘ, ਇਕਬਾਲ ਸਿੰਘ, ਸੁਪਰਡੈਂਟ ਦਿਲਜੋਗ ਸਿੰਘ, ਹਰਜੀਤ ਸਿੰਘ, ਗੁਰਭੇਜ ਸਿੰਘ, ਸਰਪੰਚ ਕੁਲਵਿੰਦਰ ਸਿੰਘ ਮਿਠਾ ਚੰਨਣਕੇ, ਸਰਪੰਚ ਬਲਰਾਜ ਸਿੰਘ ਸਰਾਂ, ਸਰਪੰਚ ਪਰਮਿੰਦਰ ਸਿੰਘ ਡੇਅਰੀ ਆਦਿ ਸਾਮਲ ਸਨ। ਉਨ੍ਹਾਂ ਦਾ ਭੋਗ 7 ਨਬੰਵਰ ਦਿਨ ਸ਼ੁੱਕਰਵਾਰ ਨੂੰ ਪਵੇਗਾ।

## ਤਰਨਤਾਰਨ ਜਿਮਨੀ ਚੋਣ ਵਿੱਚ ਭਾਈ ਮਨਦੀਪ ਸਿੰਘ ਵੱਡੇ ਮਾਰਜਨ ਨਾਲ ਜਿੱਤ ਪ੍ਰਾਪਤ ਕਰਨਗੇ: ਹਰਬੰਸ ਸਿੰਘ ਸਲੇਮਪੁਰ



ਧੂਰੀ, 31 ਅਕਤੂਬਰ ( ਰਣਜੀਤ ਸਿੰਘ ਪੇਧਨੀ ) ਤਰਨਤਾਰਨ ਤੋਂ ਸਰਬ ਸਾਂਝੇ ਪੰਥਕ ਉਮੀਦਵਾਰ ਭਾਈ ਮਨਦੀਪ ਸਿੰਘ ਖ਼ਾਲਸਾ ਦੇ ਜਿਮਨੀ ਚੋਣ ਵਿੱਚ ਵੱਡੇ ਮਾਰਜਨ ਨਾਲ ਜਿੱਤ ਕੇ ਇਤਿਹਾਸ ਦੁਹਰਾਉਣਗੇ। ਇੰਨਾ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਟਰਾਂਸਪੋਰਟ ਵਿੰਗ ਦੇ ਸੂਬਾ ਪ੍ਰਧਾਨ ਹਰਬੰਸ ਸਿੰਘ ਸਲੇਮਪੁਰ ਨੇ ਕੀਤਾ । ਉਨ੍ਹਾਂ ਕਿਹਾ ਕਿ ਮੌਜੂਦਾ ਸਰਕਾਰ ਨੇ ਪੰਜਾਬ ਦੇ ਲੋਕਾਂ ਨਾਲ ਧੋਖਾ ਕੀਤਾ ਹੈ। ਜਿਨ੍ਹਾਂ ਨੇ ਰੋਜ਼ਗਾਰ, ਖੁਸ਼ਹਾਲੀ ਅਤੇ ਨਸ਼ਾ-ਮੁਕਤ ਪੰਜਾਬ ਦੇ ਵਾਅਦੇ ਕੀਤੇ ਸਨ, ਉਹ ਅੱਜ ਹਰ ਮੋਰਚੇ ਤੇ ਨਾਕਾਮ ਸਾਬਤ ਹੋਏ ਨੇ। ਪੰਜਾਬ ਦਾ ਖਜ਼ਾਨਾ ਖਾਲੀ, ਕਿਸਾਨ ਕਰਜ਼ੇ ਹੇਠ, ਨੌਜਵਾਨ ਬੇਰੁਜ਼ਗਾਰ ਤੇ ਗੁਰੂ ਦੀ ਧਰਤੀ ਨਸ਼ਿਆਂ ਦਾ ਛੇਵਾਂ ਦਰਿਆ ਵਗ ਰਿਹਾ ਹੈ, ਪਰ ਸਰਕਾਰਾਂ ਸਿਰਫ਼ ਇਸ਼ਤਿਹਾਰਾਂ ਤੇ ਝੂਠੇ ਦਾਅਵੇ ਛਾਪਣ ਵਿੱਚ ਮਸਤ ਨੇ। ਉਹਨਾਂ ਕਿਹਾ ਕਿ ਜਦੋਂ ਪੰਜਾਬ ਦੇ ਘਰਾਂ ਵਿੱਚ ਚੁੱਲ੍ਹੇ ਠੰਢੇ ਪਏ ਨੇ, ਹਸਪਤਾਲਾਂ 'ਚ ਦਵਾਈ ਨਹੀਂ ਤੇ ਸਕੂਲਾਂ ਵਿੱਚ ਸਿੱਖਿਆ ਦਾ ਪੱਧਰ ਡਿੱਗ ਰਿਹਾ ਹੈ, ਉਦੋਂ ਰਾਜ ਕਰਨ ਵਾਲਿਆਂ ਲਈ ਸ਼ਰਮ ਦੀ ਗੱਲ ਹੈ ਕਿ ਉਹ ਆਪਣੇ ਆਪ ਨੂੰ ਲੋਕਾਂ ਦਾ ਮਸੀਹਾ ਕਹਿੰਦੇ ਫਿਰਦੇ ਹਨ।

## ਉਰੀਐਂਟਲ ਇੰਸ਼ੋਰੈਂਸ ਕੰਪਨੀ ਵੱਲੋਂ ਵਿਜੀਲੈਂਸ ਜਾਗਰੂਕਤ ਕੈਂਪ ਲਾਇਆ

ਫ਼ਿਰੋਜ਼ਪੁਰ, 31 ਅਕਤੂਬਰ (ਮਨੋਹਰ ਲਾਲ) :— ਉਰੀਐਂਟਲ ਇੰਸ਼ੋਰੈਂਸ ਕੰਪਨੀ ਮੰਡਲ ਦਫਤਰ ਫ਼ਿਰੋਜ਼ਪੁਰ ਵੱਲੋਂ ਵਿਜੀਲੈਂਸ ਜਾਗਰੂਕਤਾ ਹਫਤਾ ਮਨਾਇਆ ਜਾ ਰਿਹਾ ਹੈ, ਜਿਸ ਤਹਿਤ ਸਰਕਾਰੀ ਹਾਈ ਸਕੂਲ ਪਿੰਡ ਝੋਕ ਹਰੀਹਰ ਵਿਖੇ ਜਾਗਰੂਕਤਾ ਕੈਂਪ ਲਗਾਇਆ ਗਿਆ। ਇਸ ਦੌਰਾਨ ਦਫਤਰ ਦੇ ਮੰਡਲ ਪ੍ਰਮੁੱਖ ਸ੍ਰੀਮਤੀ ਸੁਨੀਤਾ ਅਗਰਵਾਲ ਅਤੇ ਮਾਰਕੀਟਿੰਗ ਟੀਮ ਦੇ ਮੈਂਬਰ ਲਲਿਤ ਤਰੇਹਨ, ਅਜੇ ਬਜਾਜ ਅਤੇ ਸਤੀਸ਼ ਸ਼ਰਮਾ ਹਾਜ਼ਰ ਸਨ। ਇਸ ਕੈਂਪ ਵਿਚ 156 ਵਿਦਿਆਰਥੀਆਂ ਅਤੇ 12 ਅਧਿਆਪਕਾਂ ਨੇ ਇਮਾਨਦਾਰੀ ਦੀ ਸਹੁੰ ਚੁੱਕੀ ਅਤੇ ਬੱਚਿਆਂ ਨੇ ਵੱਖ—ਵੱਖ ਮੁਕਾਬਲਿਆਂ ਵਿਚ ਹਿੱਸਾ ਲਿਆ। ਇਸ ਮੌਕੇ ਜੇਤੂ ਬੱਚਿਆਂ ਨੂੰ ਉਰੀਐਂਟਲ ਇੰਸ਼ੋਰੈਂਸ ਕੰਪਨੀ ਵੱਲੋਂ ਸ੍ਰੀਮਤੀ ਸੁਜੀਤਾ ਅਗਰਵਾਲ ਨੇ ਇਨਾਮ ਵੰਡੇ ਅਤੇ ਸਾਰੇ ਬੱਚਿਆਂ ਨੂੰ ਕਾਪੀ, ਪੈਨ ਵੰਡਦੇ ਹੋਏ ਡਾਈਟ ਦਾ ਸਮਾਨ ਵੀ ਵੰਡਿਆ ਗਿਆ।

# ਵਿੱਤੀ ਹੱਕਾਂ ਦੀ ਵਕਾਲਤ ਕਰਦੇ ਸਟਾਫ ਵੈਲਫੇਅਰ ਐਸੋਸੀਏਸ਼ਨ ਸ਼ਹੀਦ ਭਗਤ ਸਿੰਘ ਸਟੇਟ ਯੂਨੀਵਰਸਿਟੀ ਦੇ ਸਟਾਫ ਨੇ ਤੀਸਰੇ ਦਿਨ ਵੀ ਕੀਤਾ ਰੋਸ ਪ੍ਰਦਰਸ਼ਨ



ਫ਼ਿਰੋਜ਼ਪੁਰ, 31 ਅਕਤੂਬਰ (ਮਨੋਹਰ ਲਾਲ) :— ਸ਼ਹੀਦ ਭਗਤ ਸਿੰਘ ਸਟੇਟ ਯੂਨੀਵਰਸਿਟੀ ਫ਼ਿਰੋਜ਼ਪੁਰ ਦੇ ਗੈਰ ਅਧਿਆਪਕ ਕਰਮਚਾਰੀਆਂ ਵੱਲੋਂ ਆਪਣੀਆਂ ਜਾਇਜ ਮੰਗਾਂ ਅਤੇ ਬਕਾਇਆ ਰਕਮ ਦੀ ਅਦਾਇਗੀ ਲਈ ਯੂਨੀਵਰਸਿਟੀ ਪ੍ਰਸ਼ਾਸਨ ਵਿਰੁੱਧ ਅੱਜ ਤੀਸਰੇ ਦਿਨ ਵੀ ਰੋਸ ਪ੍ਰਦਰਸ਼ਨ ਕੀਤਾ ਗਿਆ। ਕਰਮਚਾਰੀਆਂ ਵੱਲੋਂ ਅਕਾਦਮਿਕ ਬਲਾਕ ਸਾਹਮਣੇ ਨਾਅਰੇਬਾਜੀ ਕੀਤੀ ਗਈ ਅਤੇ ਪ੍ਰਸ਼ਾਸਨ ਦੀ ਲਾਪ੍ਰਵਾਹੀ ਵਿਰੁੱਧ ਤਿੱਖਾ ਵਿਰੋਧ ਕਰਦਿਆਂ ਆਪਣੇ ਹੱਕਾਂ ਦੀ ਵਕਾਲਤ ਕੀਤੀ। ਅੱਜ ਤੀਸਰੇ ਦਿਨ ਦੇ ਧਰਨੇ ਦੌਰਾਨ ਪੰਜਾਬ ਫੌਰੈਸਟ ਪੈਨਸ਼ਨਰ ਐਸੋਸੀਏਸ਼ਨ ਦੇ ਜਨਰਲ ਸਕੱਤਰ ਮਹਿੰਦਰ ਸਿੰਘ ਧਾਲੀਵਾਲ ਨੇ ਪਹੁੰਚ ਕੇ ਕਰਮਚਾਰੀਆਂ ਨਾਲ ਇਕਜੁਟਤਾ ਜਤਾਉਂਦਿਆਂ ਵਿਸਵਾਸ਼ ਦਿਵਾਇਆ ਕਿ ਪੰਜਾਬ ਭਰ ਦੀਆਂ ਯੂਨੀਅਨ ਇਸ ਸੰਘਰਸ਼ ਵਿਚ ਗੈਰ—ਅਧਿਆਪਕ ਕਰਮਚਾਰੀਆਂ ਨਾਲ ਚਟਾਂਨ ਦੀ ਤਰ੍ਹਾਂ ਖੜ੍ਹੀਆਂ ਹਨ। ਮੁਲਾਜ਼ਮਾਂ ਦੇ ਹੱਕਾਂ ਦੀ ਵਕਾਲਤ ਕਰਦਿਆਂ ਐਸੋਸੀਏਸ਼ਨ ਦੇ ਪ੍ਰਧਾਨ ਅਤੇ ਜਨਰਲ ਸਕੱਤਰ ਨੇ ਚੇਤਾਵਨੀ ਦਿੱਤੀ ਕਿ ਜੇਕਰ ਕਰਮਚਾਰੀਆਂ ਦੀ ਬਕਾਇਆ ਰਕਮ ਜਾਰੀ ਨਾ ਕੀਤੀ ਗਈ ਤਾਂ ਰੋਸ ਪ੍ਰਦਰਸ਼ਨ ਹੋਰ ਵੀ ਤਿੱਖੇ ਕੀਤੇ ਜਾਣਗੇ, ਜਿਸ ਦੀ ਨਿਰੋਲ ਜਿੰਮੇਵਾਰੀ ਪ੍ਰਸ਼ਾਸਨ ਦੀ ਹੋਵੇਗੀ। ਉਨ੍ਹਾਂ ਕਿਹਾ ਕਿ ਕਰਮਚਾਰੀ ਪੂਰੀ ਤਰ੍ਹਾਂ ਨਾਲ ਇਕਜੁੱਟ ਹਨ ਅਤੇ ਆਪਣੇ ਹੱਕਾਂ ਦੀ ਪ੍ਰਾਪਤੀ ਲਈ ਆਖਰੀ ਦਮ ਤੱਕ ਸੰਘਰਸ਼ ਕਰਨ ਨੂੰ ਬਜਿਦ ਹਨ। ਗੱਲਬਾਤ ਕਰਦਿਆਂ ਐਸੋਸੀਏਸ਼ਨ ਦੇ ਆਗੂਆਂ ਨੇ ਕਿਹਾ ਕਿ ਤਿਉਹਾਰਾਂ ਦੇ ਦਿਨਾਂ ਕਰਕੇ ਮੁਲਾਜ਼ਮ ਪਹਿਲਾਂ ਹੀ ਤੰਗੀ ਦੇ ਦੌਰ ਵਿਚੋਂ ਗੁਜਰ ਰਹੇ ਹਨ ਅਤੇ ਹੁਣ ਕਾਲਜ ਪ੍ਰਬੰਧਕਾਂ ਵੱਲੋਂ ਬਕਾਇਆ ਜਾਰੀ ਨਾ ਕਰਨ ਕਰਕੇ ਮੁਲਾਜ਼ਮਾਂ ਵਿਚਲਾ ਰੋਹ ਹੋਰ ਤਿੱਖਾ ਹੋ ਰਿਹਾ ਹੈ।

# ਜੈਨੇਸਿਸ ਡੈਂਟਲ ਕਾਲਜ ਵੱਲੋਂ ਪਿੰਡ ਕਨਾ ਬੇਗੂ ਵਿੱਚ ਲਗਾਇਆ ਗਿਆ ਮੁਫ਼ਤ ਡੈਂਟਲ ਚੈੱਕਅੱਪ ਕੈਂਪ



ਫ਼ਿਰੋਜ਼ਪੁਰ, 31 ਅਕਤੂਬਰ (ਮਨੋਹਰ ਲਾਲ) :— ਜੈਨੇਸਿਸ ਡੈਂਟਲ ਕਾਲਜ ਅਤੇ ਹਸਪਤਾਲ ਫਿਰੋਜ਼ਪੁਰ ਵੱਲੋਂ ਪਿੰਡ ਕਨਾ ਬੇਗੂ ਵਿੱਚ ਮੁਫ਼ਤ ਡੈਂਟਲ ਚੈਕਅਪ ਕੈਂਪ ਦਾ ਆਯੋਜਨ ਕੀਤਾ ਗਿਆ। ਇਸ ਮੌਕੇ 'ਤੇ ਵੱਡੀ ਗਿਣਤੀ ਪਿੰਡ ਵਾਸੀਆਂ ਨੇ ਆਪਣੇ ਦੰਦਾਂ ਦੀ ਜਾਂਚ ਕਰਵਾਈ। ਕੈਂਪ ਦੌਰਾਨ ਡਾ: ਸੁਕੀਰਤ ਕੌਰ ਅਤੇ ਡਾ: ਰਾਹੁਲ ਯਾਦਵ ਨੇ ਮਰੀਜ਼ਾਂ ਦੇ ਦੰਦਾਂ ਦੀ ਜਾਂਚ ਕੀਤੀ ਅਤੇ ਉਨ੍ਹਾਂ ਨੂੰ ਦੰਦਾਂ ਦੀ ਸਫ਼ਾਈ ਤੇ ਨਿਯਮਿਤ ਜਾਂਚ ਦੀ ਮਹੱਤਤਾ ਬਾਰੇ ਜਾਣੂ ਕਰਵਾਇਆ। ਡਾ: ਸੁਕੀਰਤ ਕੌਰ ਨੇ ਦੱਸਿਆ ਕਿ ਅੱਜ ਕਲ ਦੰਦਾਂ ਦੀਆਂ ਬਿਮਾਰੀਆਂ ਗਲਤ ਖਾਣ—ਪੀਣ ਅਤੇ ਸਫ਼ਾਈ ਦੀ ਘਾਟ ਕਾਰਨ ਤੇਜ਼ੀ ਨਾਲ ਵੱਧ ਰਹੀਆਂ ਹਨ। ਉਨ੍ਹਾਂ ਕਿਹਾ ਕਿ ਦਿਨ ਵਿੱਚ ਦੋ ਵਾਰ ਬਰਸ਼ ਕਰਨਾ, ਮਿੱਠੀਆਂ ਚੀਜ਼ਾਂ ਦਾ ਸੀਮਤ ਸੇਵਨ ਕਰਨਾ ਅਤੇ ਹਰ ਛੇ ਮਹੀਨੇ ਬਾਅਦ ਦੰਦਾਂ ਦੇ ਡਾਕਟਰ ਕੋਲ ਜਾਂਚ ਕਰਵਾਉਣਾ ਬਹੁਤ ਜ਼ਰੂਰੀ ਹੈ। ਡਾ: ਰਾਹੁਲ ਯਾਦਵ ਨੇ ਵੀ ਲੋਕਾਂ ਨੂੰ ਮੂੰਹ ਦੀ ਸਿਹਤ ਪ੍ਰਤੀ ਸੁਚੇਤ ਰਹਿਣ ਦੀ ਅਪੀਲ ਕੀਤੀ ਅਤੇ ਛੋਟੇ—ਛੋਟੇ ਲੱਛਣਾਂ ਨੂੰ ਨਜ਼ਰ ਅੰਦਾਜ਼ ਨਾ ਕਰਨ ਦੀ ਸਲਾਹ ਦਿੱਤੀ। ਕਾਲਜ ਦੇ ਪੀ.ਆਰ.ਓ. ਰਣਜੀਤ ਸਿੰਘ ਅਤੇ ਮਨਜੀਤ ਸਿੰਘ ਵੱਲੋਂ ਕੈਂਪ ਵਿੱਚ ਮੌਜੂਦ ਲੋਕਾਂ ਨੂੰ ਟੂਥਪੇਸਟ ਅਤੇ ਟੂਥਬਰਸ਼ ਵੰਡੇ ਗਏ ਅਤੇ ਸਿਹਤ ਸੰਬੰਧੀ ਜਾਣਕਾਰੀ ਦਿੱਤੀ ਗਈ। ਇਸ ਮੌਕੇ ਤੇ ਪਿੰਡ ਦੇ ਸਾਬਕਾ ਸਰਪੰਚ ਅੰਗਰੇਜ ਸਿੰਘ ਅਤੇ ਮੌਜੂਦਾ ਸਰਪੰਚ ਬਲਵਿੰਦਰ ਸਿੰਘ ਨੇ ਟੀਮ ਦਾ ਧੰਨਵਾਦ ਕੀਤਾ।

# ਅਕਾਲੀ ਦਲ ਪੁਰਨ ਸੁਰਜੀਤ ਦੇ ਡੈਲੀਕੇਟ ਨੂੰ ਮਿਲਿਆ ਇਨਸਾਫ: ਆਗੂ



ਫ਼ਿਰੋਜ਼ਪੁਰ, 31 ਅਕਤੂਬਰ (ਮਨੋਹਰ ਲਾਲ) :— ਇਹ ਜਾਣਕਾਰੀ ਸਾਂਝੀ ਕਰਦਿਆਂ ਜਥੇਦਾਰ ਕਰਨੈਲ ਸਿੰਘ ਭਾਵੜਾ, ਡਾਕਟਰ ਮੁਖਤਿਆਰ ਸਿੰਘ ਭੁੱਲਰ, ਸੁਖਦੇਵ ਸਿੰਘ ਸਟੇਟ ਡੈਲੀਕੇਟ ਸ੍ਰੀ ਮੁਕਤਸਰ ਸਾਹਿਬ, ਚਰਨ ਸਿੰਘ ਚੇਅਰਮੈਨ ਨੇ ਦੱਸਿਆ ਕਿ ਸ਼੍ਰੋਮਣੀ ਅਕਾਲੀ ਦਲ ਪੁਰਨ ਸੁਰਜੀਤ ਦੇ ਸਟੇਟ ਡੈਲੀਕੇਟ ਭਾਈ ਸੁਖਦੇਵ ਸਿੰਘ ਪੁੱਤਰ ਸ਼ਮਿੰਦਰ ਸਿੰਘ ਪਿੰਡ ਵੰਗਲ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦਾ ਜ਼ਮੀਨ ਤੋਂ ਝਗੜਾ ਆਪਣੇ ਪਿੰਡ ਹੋਇਆ ਸੀ ਇਸ ਲੜਾਈ ਵਿੱਚ ਕਾਫੀ ਜਣਿਆਂ ਦੇ ਸੱਟਾਂ ਲੱਗੀਆਂ ਸੀ ਅਤੇ ਇਸੇ ਲੜਾਈ ਕਾਰਨ ਉਨ੍ਹਾਂ ਦੇ ਪਿਤਾ ਸ਼ਮਿੰਦਰ ਸਿੰਘ ਦੀ ਮੌਤ ਹੋ ਗਈ ਸੀ। ਪੁਲਿਸ ਪ੍ਰਸ਼ਾਸਨ ਵਲੋਂ ਪਰਚਾ ਦਰਜ਼ ਨਹੀਂ ਕੀਤਾ ਜਾ ਰਿਹਾ। ਇਸ ਰੋਸ਼ ਵਜੋਂ ਡੀ.ਸੀ ਦਫਤਰ ਸ੍ਰੀ ਮੁਕਤਸਰ ਸਾਹਿਬ ਵਿਖੇ ਲਗਾਤਾਰ ਧਰਨਾ ਚਲ ਰਿਹਾ ਸੀ, ਜਿਸ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਟੀਮ ਫਿਰੋਜ਼ਪੁਰ ਵੱਲੋਂ ਵੀ ਉਨ੍ਹਾਂ ਦੀ ਮੱਦਦ ਕੀਤੀ ਗਈ। ਸਰਿਆ ਦੀ ਮੱਦਦ ਅਤੇ ਏਕਤਾ ਦੀ ਸ਼ਕਤੀ ਅੱਗੇ ਪੁਲਿਸ ਪ੍ਰਸ਼ਾਸਨ ਨੇ ਸਾਡੀਆਂ ਸਾਰੀਆਂ ਮੰਗਾਂ ਮਨ ਲਈਆ ਹਨ, ਇਸ ਲਈ ਅੱਜ ਉਨ੍ਹਾਂ ਦੇ ਪਿਤਾ ਦੀ ਮ੍ਰਿਤਕ ਦੇਹ ਦਾ ਸੰਸਕਾਰ ਉਨ੍ਹਾਂ ਦੇ ਪਿੰਡ ਕੀਤਾ ਜਾਵੇਗਾ। ਸ਼੍ਰੋਮਣੀ ਅਕਾਲੀ ਦਲ ਦੇ ਵਰਕਰਾਂ ਦੇ ਕੋਈ ਜ਼ੁਲਮ ਕਰਨ ਦੀ ਕੋਸ਼ਿਸ਼ ਕਰੇਗਾ ਅਸੀਂ ਸਾਰੇ ਉਸ ਦੇ ਨਾਲ ਖੜਾਂਗੇ।